## ਟਰੰਪ ਨੂੰ ਦਿੱਤਾ ਗਿਆ ਦੋਸ਼ੀ ਕਰਾਰ, ਕਰਨਾ ਪਵੇਗਾ ਮੁਜਰਮਾਨਾ ਚਾਰਜਿਜ਼ ਦਾ ਸਾਹਮਣਾ

ਪੰਨਾ 1 ਦਾ ਬਾਕੀ

ਟਰੰਪ ਉੱਤੇ ਲਾਏ ਗਏ ਚਾਰਜਿਜ਼ ਦਾ ਭਾਵੇਂ ਵੀਰਵਾਰ ਨੂੰ ਖੁਲਾਸਾ ਨਹੀਂ ਕੀਤਾ ਗਿਆ ਪਰ ਇਹ ਮਾਮਲਾ 2016 ਵਿੱਚ ਰਾਸ਼ਟਰਪਤੀ ਦੇ ਅਹੁਦੇ ਲਈ ਕੈਂਪੇਨ ਦੌਰਾਨ ਐਕਸਟ੍ਰਾਮੈਰੀਟਲ ਸਬੰਧਾਂ ਦੇ ਦਾਅਵੇ ਨੂੰ ਚੁੱਪ ਕਰਵਾਉਣ ਲਈ ਕੀਤੀਆਂ ਗਈਆਂ ਅਦਾਇਗੀਆਂ ਉੱਤੇ ਹੀ ਕੇਂਦਰਿਤ ਸੀ। ਪ੍ਰੌਸੀਕਿਊਟਰਜ਼ ਦਾ ਕਹਿਣਾ ਹੈ ਕਿ ਉਹ ਟਰੰਪ ਵੱਲੋਂ ਆਤਮ ਸਮਰਪਣ ਕਰਨ ਦੇ ਮਾਮਲੇ ਉੱਤੇ ਕੰਮ ਕਰ ਰਹੇ ਹਨ ਤੇ ਇਹ ਅਗਲੇ ਹਫਤੇ ਹੋ ਸਕਦਾ ਹੈ। ਟਰੰਪ ਦੇ ਕਾਰੋਬਾਰ, ਸਿਆਸੀ ਤੇ ਪਰਸਨਲ ਡੀਲਿੰਗਜ਼ ਦੀ ਕਈ ਸਾਲਾਂ ਤੱਕ ਕੀਤੀ ਗਈ ਜਾਂਚ ਤੋਂ ਬਾਅਦ ਹੀ ਟਰੰਪ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਹੈ। ਇਸ ਉੱਤੇ ਟਰੰਪ ਤੇ ਉਸ ਨੂੰ ਚਾਹੁਣ ਵਾਲਿਆਂ ਦਾ ਕਹਿਣਾ ਹੈ ਕਿ ਇਹ ਸੱਭ ਡੈਮੋਕ੍ਰੈਟਿਕ ਪ੍ਰੌਸੀਕਿਊਟਰ ਵੱਲੋਂ ਸਿਆਸੀ ਮੰਤਵ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਰਿਪਬਲਿਕਨਾਂ ਨੂੰ ਨਿਸ਼ਾਨਾ ਬਣਾਉਣ ਦੇ ਇਰਾਦੇ ਨਾਲ ਕੀਤਾ ਜਾ ਰਿਹਾ ਹੈ।

ਟਰੰਪ ਵੱਲੋਂ ਅਜੇ ਵੀ ਕਿਸੇ ਤਰ੍ਹਾਂ ਦੀ ਗੜਬੜ ਤੋਂ ਇਨਕਾਰ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ 2024 ਵਿੱਚ ਡੈਮੋਕ੍ਰੈਟਸ ਨੂੰ ਵੱਡਾ ਨੁਕਸਾਨ ਹੋਵੇਗਾ। ਇਨ੍ਹਾਂ ਚਾਰਜਿਜ਼ ਦੀ ਪੁਸ਼ਟੀ ਕਰਦਿਆਂ ਡਿਫੈਂਸ ਦੇ ਵਕੀਲਾਂ ਸੂਜ਼ਨ ਨੈਕੇਲੇਸ ਤੇ ਜੋਸਫ ਟੈਕੋਪੀਨਾ ਦਾ ਕਹਿਣਾ ਹੈ ਕਿ ਟਰੰਪ ਨੇ ਕੋਈ ਜੁਰਮ ਨਹੀਂ ਕੀਤਾ ਤੇ ਅਦਾਲਤ ਵਿੱਚ ਇਸ ਫੈਸਲੇ ਨੂੰ ਚੁਣੌਤੀ ਦਿੱਤੀ ਜਾਵੇਗੀ। ਇਹ ਮਾਮਲਾ 2016 ਦਾ ਹੈ ਜਦੋਂ ਪ੍ਰੌਸੀਕਿਊਟਰਜ਼ ਨੂੰ ਇਸ ਮਾਮਲੇ ਦੀ ਜਾਂਚ ਕਰਨੀ ਪਈ ਸੀ ਕਿ ਪੌਰਨ ਐਕਟਰ ਸਟੌਰਮੀ ਡੈਨੀਅਲਜ਼ ਤੇ ਸਾਬਕਾ ਪਲੇਅਬੌਏ ਮਾਡਲ ਕੈਰਨ ਮੈਕਡਗਲ ਨਾਲ ਕਥਿਤ ਤੌਰ ਉੱਤੇ ਐਕਸਟ੍ਰਾਮੈਰੀਟਲ ਸਬੰਧ ਰੱਖਣ ਦੇ ਮਾਮਲੇ ਨੂੰ ਜਨਤਾ ਵਿੱਚ ਲਿਜਾਣ ਤੋਂ ਰੋਕਣ ਲਈ ਉਨ੍ਹਾਂ ਨੂੰ ਪੈਸੇ ਦਿੱਤੇ ਗਏ।

## ਅਗਲੇ ਸਾਲ ਤੋਂ ਕੈਨੇਡਾ ਰੈਵਨਿਊ ਏਜੰਸੀ ਵੱਲੋਂ ਸ਼ੁਰੂ ਕੀਤਾ ਜਾਵੇਗਾ ਆਟੋਮੈਟਿਕ ਟੈਕਸ ਫਾਈਲਿੰਗ ਸਿਸਟਮ

ਓਟਵਾ, 30 ਮਾਰਚ (ਪੋਸਟ ਬਿਊਰੋ) : ਕੈਨੇਡਾ ਰੈਵਨਿਊ ਏਜੰਸੀ ਵੱਲੋਂ ਅਗਲੇ ਸਾਲ ਤੋਂ ਟੈਕਸ ਫਾਈਲ ਕਰਨ ਲਈ ਨਵਾਂ ਆਟੋਮੈਟਿਕ ਸਿਸਟਮ ਸ਼ੁਰੂ ਕੀਤਾ ਜਾਵੇਗਾ। ਇਸ ਸਿਸਟਮ ਦੇ ਆਉਣ ਨਾਲ ਉਨ੍ਹਾਂ ਕੈਨੇਡੀਅਨਜ਼ ਦੀ ਕਾਫੀ ਮਦਦ ਹੋਵੇਗੀ ਜਿਹੜੇ ਆਪਣੇ ਟੈਕਸ ਫਾਈਲ ਨਹੀਂ ਕਰ ਸਕੇ ਤੇ ਬੈਨੇਫਿਟ ਹਾਸਲ ਨਹੀਂ ਕਰ ਸਕੇ।




ਇਸ ਹਫਤੇ ਪੇਸ਼ ਕੀਤੇ ਗਏ ਫੈਡਰਲ ਬਜਟ ਵਿੱਚ ਇਹ ਆਖਿਆ ਗਿਆ ਹੈ ਕਿ ਕੈਨੇਡਾ ਰੈਵਨਿਊ ਏਜੰਸੀ ਸੇਵਾਵਾਂ ਵਿੱਚ ਵਾਧੇ ਲਈ 2024 ਵਿੱਚ ਪਲੈਨ ਪੇਸ਼ ਕਰੇਗੀ। ਇਸ ਤੋਂ ਪਹਿਲਾਂ ਏਜੰਸੀ ਵੱਲੋਂ ਸਟੇਕਹੋਲਡਰਜ਼ ਤੇ ਕਮਿਊਨਿਟੀ ਆਰਗੇਨਾਈਜ਼ੇਸ਼ਨਜ਼ ਨਾਲ ਸਲਾਹ ਮਸ਼ਵਰਾ ਕੀਤਾ ਜਾਵੇਗਾ। ਆਟੋਮੈਟਿਕ ਟੈਕਸ ਫਾਈਲਿੰਗ ਬਾਰੇ ਸੱਭ ਤੋਂ ਪਹਿਲਾਂ ਵਾਅਦਾ 2020 ਵਿੱਚ ਦਿੱਤੇ ਗਏ ਰਾਜ ਭਾਸ਼ਣ ਵਿੱਚ ਕੀਤਾ ਗਿਆ ਸੀ। ਲਿਬਰਲਾਂ ਦਾ ਇਹ ਦਾਅਵਾ ਹੈ ਕਿ ਇਸ ਨਾਲ ਮਹਿੰਗਾਈ ਦੇ ਇਸ ਦੌਰ ਵਿੱਚ ਕੈਨੇਡੀਅਨਜ਼ ਦੀ ਕਾਫੀ ਮਦਦ ਹੋਵੇਗੀ।

ਕਈ ਮਾਹਿਰਾਂ ਵੱਲੋਂ ਆਟੋਮੈਟਿਕ ਟੈਕਸ ਫਾਈਲਿੰਗ ਦੀ ਮੰਗ ਕੀਤੀ ਗਈ ਸੀ ਤਾਂ ਕਿ ਕਮਜ਼ੋਰ ਕੈਨੇਡੀਅਨ ਕਿਸੇ ਵੀ ਤਰ੍ਹਾਂ ਦੇ ਬੈਨੇਫਿਟਸ ਤੋਂ ਸੱਖਣੇ ਨਾ ਰਹਿ ਜਾਣ। ਕੈਨੇਡੀਅਨਜ਼ ਨੂੰ ਆਮ ਤੌਰ ਉੱਤੇ ਉਦੋਂ ਤੱਕ ਹਰ ਸਾਲ ਟੈਕਸ ਰਿਟਰਨ ਭਰਨ ਦੀ ਲੋੜ ਨਹੀਂ ਪੈਂਦੀ ਜਦੋਂ ਤੱਕ ਉਹ ਕਿਸੇ ਦੇ ਦੇਣਦਾਰ ਨਹੀਂ ਹਨ, ਪਰ ਫੈਡਰਲ ਸਰਕਾਰ ਕੈਨੇਡੀਅਨਜ਼ ਨੂੰ ਆਮਦਨ ਦੇ ਆਧਾਰ ਉੱਤੇ ਬੈਨੇਫਿਟ ਦੇਣ ਲਈ ਕੈਨੇਡਾ ਰੈਵਨਿਊ ਏਜੰਸੀ ਉੱਤੇ ਵੱਧ ਤੋਂ ਵੱਧ ਨਿਰਭਰ ਕਰ ਰਹੀ ਹੈ।

ਇਨ੍ਹਾਂ ਬੈਨੇਫਿਟਸ ਵਿੱਚ ਕੈਨੇਡਾ ਚਾਈਲਡ ਬੈਨੇਫਿਟ, ਕੈਨੇਡਾ ਹਾਊਸਿੰਗ ਬੈਨੇਫਿਟ ਤੇ ਜੀਐਸਟੀ ਟੈਕਸ ਕ੍ਰੈਡਿਟ ਨੂੰ ਆਰਜ਼ੀ ਤੌਰ ਉੱਤੇ ਡਬਲ ਕੀਤਾ ਜਾਣਾ ਵੀ ਸ਼ਾਮਲ ਹੈ। 2020 ਵਿੱਚ ਕਾਰਲਟਨ ਯੂਨੀਵਰਸਿਟੀ ਦੇ ਪੁਲਿਟੀਕਲ ਮੈਨੇਜਮੈਂਟ ਦੇ ਐਸੋਸਿਏਟ ਪ੍ਰੋਫੈਸਰ ਜੈਨੀਫਰ ਰੌਬਸਨ ਵੱਲੋਂ ਸਾਂਝੇ ਤੌਰ ਉੱਤੇ ਤਿਆਰ ਕੀਤੀ ਗਈ ਰਿਪੋਰਟ ਵਿੱਚ ਸਾਹਮਣੇ ਆਇਆ ਸੀ ਕਿ 10 ਤੋਂ 12 ਫੀ ਸਦੀ ਕੈਨੇਡੀਅਨਜ਼ ਆਪਣੇ ਟੈਕਸ ਫਾਈਲ ਹੀ ਨਹੀਂ ਕਰਦੇ। ਇਸ ਤਰ੍ਹਾਂ ਟੈਕਸ ਫਾਈਲ ਨਾ ਕਰਨ ਵਾਲੇ ਹਰ ਆਮਦਨ ਵਾਲੇ ਗਰੁੱਪ ਵਿੱਚ ਮਿਲਦੇ ਹਨ ਪਰ ਘੱਟ ਆਮਦਨ ਵਾਲੇ ਕੈਨੇਡੀਅਨ ਵਧੇਰੇ ਹਨ ਜਿਹੜੇ ਟੈਕਸ ਫਾਈਲ ਨਹੀਂ ਕਰਦੇ।

## ਅ ਅੱਜ ਨਾਮਾ >>

ਲੱਗਾ ਰਾਹੁਲ ਕਰਨਾਟਕ ਵੱਲ ਜਾਣ ਬੇਲੀ,
ਯਾਤਰਾ ਕਰਨ ਕੋਈ ਲੱਗਾ ਈ ਫੇਰ ਬੇਲੀ।
ਓਸੇ ਸ਼ਹਿਰ ਤੋਂ ਕਹਿੰਦਾ ਈ ਸ਼ੁਰੂ ਕਰਨੀ,
ਜਿਸ ਥਾਂ ਭਾਜਪਾਸੀ ਘੱਤਿਆ ਘੇਰ ਬੇਲੀ।
ਭ੍ਰਿਸਟਾਚਾਰ ’ਤੇ ਲਾਉਣੀ ਹੈ ਚੋਟ ਕਹਿੰਦਾ,
ਜਿਸ ਨੇ ਪਾਇਆ ਚੁਤਰਫ ਆ ਨ੍ਹੇਰ ਬੇਲੀ।
ਭਾਜਪਾ ਵਾਲੇ ਵੀ ਸੁਣੇ ਸਰਗਰਮ ਹੋ ਗਏ,
ਲਾਈ ਉਨ੍ਹਾਂ ਵੀ ਬਾਹਲੀ ਨਹੀਂ ਦੇਰ ਬੇਲੀ।
ਅਸੰਬਲੀ ਚੋਣ ਉਸ ਰਾਜ ਵੱਲ ਹੋਣ ਵਾਲੀ,
ਪਹਿਲਾ ਮਸਲਾ ਵੀ ਗੂੰਜ ਫਿਰ ਪਾਊ ਬੇਲੀ।
ਉਲਟਾ-ਸਿੱਧਾ ਜੇ ਰਾਹੁਲ ਕੁਝ ਆਖ ਬੈਠਾ,
ਗੇੜਾ ਮੁੜ-ਮੁੜ ਅਦਾਲਤ ਦਾ ਲਾਊ ਬੇਲੀ।

**ਤੀਸ ਮਾਰ ਖਾਂ**

## ਬਾਲਕਨੀ ਵਿੱਚੋਂ ਡਿੱਗਣ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ, ਐਸਆਈਯੂ ਕਰ ਰਹੀ ਹੈ ਜਾਂਚ

ਟੋਰਾਂਟੋ, 30 ਮਾਰਚ (ਪੋਸਟ ਬਿਊਰੋ) : ਵੀਰਵਾਰ ਨੂੰ ਬਾਲਕਨੀ ਤੋਂ ਡਿੱਗ ਕੇ 56 ਸਾਲਾ ਵਿਅਕਤੀ ਦੀ ਹੋਈ ਮੌਤ ਦੇ ਸਬੰਧ ਵਿੱਚ ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਐਸਆਈਯੂ ਨੇ ਦੱਸਿਆ ਕਿ ਵੀਰਵਾਰ ਨੂੰ ਦੁਪਹਿਰੇ 4:30 ਵਜੇ ਦੇ ਨੇੜੇ ਤੇੜੇ ਟੋਰਾਂਟੋ ਪੁਲਿਸ ਨੂੰ ਬਲੈਕ ਕ੍ਰੀਕ ਡਰਾਈਵ ਤੇ ਟਰੈਥਵੇਅ ਡਰਾਈਵ ਇਲਾਕੇ ਵਿੱਚ ਮਾਰਥਾ ਈਟਨ ਵੇਅ ਉੱਤੇ ਸਥਿਤ ਅਪਾਰਟਮੈਂਟ ਵਿੱਚ ਸੱਦਿਆ ਗਿਆ। ਇੱਥੇ ਇਸ ਵਿਅਕਤੀ ਦੇ ਸੰਕਟ ਵਿੱਚ ਹੋਣ ਦੀਆਂ ਖਬਰਾਂ ਪੁਲਿਸ ਨੂੰ ਦਿੱਤੀਆਂ ਗਈਆਂ।

ਪੁਲਿਸ ਨੂੰ ਬਾਲਕਨੀ ਵਿੱਚ ਇੱਕ ਵਿਅਕਤੀ ਨਜ਼ਰ ਆਇਆ ਤੇ ਐਸਆਈਯੂ ਅਨੁਸਾਰ ਇੱਕ ਪੁਲਿਸ ਅਧਿਕਾਰੀ ਨੇ ਉਸ ਨਾਲ ਗੱਲਬਾਤ ਕਰਨੀ ਸ਼ੁਰੂ ਕੀਤੀ। ਪਰ ਉਹ ਵਿਅਕਤੀ ਬਾਲਕਨੀ ਵਿੱਚੋਂ ਡਿੱਗ ਗਿਆ ਤੇ ਉਸ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਹੁਣ ਇਸ ਮਾਮਲੇ ਦੀ ਜਾਂਚ ਐਸਆਈਯੂ ਵੱਲੋਂ ਕੀਤੀ ਜਾ ਰਹੀ ਹੈ।

## ਪੱਤਰਕਾਰ ਦੀ ਗ੍ਰਿਫਤਾਰੀ ਤੋਂ ਬਾਅਦ ਅਮਰੀਕਾ ਦੀ ਐਡਾਵਾਇਜ਼ਰੀ, 'ਅਮਰੀਕੀ ਨਾਗਰਿਕ ਤੁਰੰਤ ਛੱਡਣ ਰੂਸ'

ਵਾਸ਼ਿੰਗਟਨ, 30 ਮਾਰਚ (ਪੋਸਟ ਬਿਊਰੋ): ਅਮਰੀਕੀ ਵਿਦੇਸ਼ ਵਿਭਾਗ ਨੇ ਰੂਸ ਵਿਚ ਰਹਿ ਰਹੇ ਆਪਣੇ ਸਾਰੇ ਅਮਰੀਕੀ ਨਾਗਰਿਕਾਂ ਨੂੰ ਤੁਰੰਤ ਰੂਸ ਛੱਡਣ ਲਈ ਕਿਹਾ ਹੈ। ਜਦੋਂ ਤੋਂ ਰੂਸ ਵਿਚ ਇਕ ਅਮਰੀਕੀ ਨਾਗਰਿਕ ਨੂੰ ਹਿਰਾਸਤ ਵਿਚ ਲਿਆ ਗਿਆ ਹੈ, ਅਮਰੀਕੀ ਵਿਦੇਸ਼ ਵਿਭਾਗ ਚਿੰਤਤ ਹੈ ਅਤੇ ਉਸਦੀ ਤਰਫੋਂ ਇਹ ਸਲਾਹ ਜਾਰੀ ਕੀਤੀ ਗਈ ਹੈ।

ਜਾਣਕਾਰੀ ਲਈ ਦੱਸ ਦੇਈਏ ਕਿ ਹਾਲ ਹੀ ਵਿਚ ਇਕ ਅਮਰੀਕੀ ਪੱਤਰਕਾਰ ਨੂੰ ਰੂਸ ਵਿਚ ਜਾਸੂਸੀ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਸੀ। ਉਹ ਪੱਤਰਕਾਰ ਵਾਲ ਸਟਰੀਟ ਜਰਨਲ ਲਈ ਕੰਮ ਕਰ ਰਿਹਾ ਹੈ। ਰਿਪੋਰਟ ਮੁਤਾਬਕ ਫਰਵਰੀ 2022 'ਚ ਯੂਕਰੇਨ 'ਚ ਰੂਸੀ ਹਮਲੇ ਦੀ ਸ਼ੁਰੂਆਤ ਤੋਂ ਬਾਅਦ ਰੂਸ 'ਚ ਕਿਸੇ ਵੀ ਅੰਤਰਰਾਸ਼ਟਰੀ ਪੱਤਰਕਾਰ ਖਿਲਾਫ ਇਸ ਤਰ੍ਹਾਂ ਦੀ ਪਹਿਲੀ ਕਾਰਵਾਈ ਕੀਤੀ ਗਈ ਹੈ। ਵਾਸਤਵ ਵਿਚ, ਸ਼ੀਤ ਯੁੱਧ ਤੋਂ ਬਾਅਦ, ਕਿਸੇ ਵੀ ਅਮਰੀਕੀ ਨਿਊਜ਼ ਆਊਟਲੈਟ 'ਤੇ ਅਜਿਹੀ ਜਾਸੂਸੀ ਦਾ ਦੋਸ਼ ਨਹੀਂ ਲਗਾਇਆ ਗਿਆ ਹੈ।

ਇਸ ਕਾਰਨ ਹੁਣ ਜਦੋਂ ਰੂਸ 'ਚ ਅਜਿਹੀ ਕਾਰਵਾਈ ਹੋਈ ਹੈ ਤਾਂ ਅਮਰੀਕਾ ਇਸ ਤੋਂ ਚਿੰਤਤ ਹੈ ਅਤੇ ਉਸ ਨੇ ਰੂਸ ਨੂੰ ਸਖ਼ਤ ਸ਼ਬਦਾਂ 'ਚ ਚਿਤਾਵਨੀ ਦਿੱਤੀ ਹੈ। ਦੂਜੇ ਪਾਸੇ ਜਿਹੜੇ ਲੋਕ ਰੂਸ ਜਾਣ ਦੀ ਤਿਆਰੀ ਕਰ ਰਹੇ ਹਨ, ਉਨ੍ਹਾਂ ਨੂੰ ਵੀ ਯਾਤਰਾ ਰੱਦ ਕਰਨ ਲਈ ਕਿਹਾ ਗਿਆ ਹੈ।

ਇੱਥੇ ਇਹ ਸਮਝਣਾ ਜ਼ਰੂਰੀ ਹੈ ਕਿ ਪੱਤਰਕਾਰ ਗਰਸ਼ਕੋਵਿਚ ਬਾਸਕਟਬਾਲ ਸਟਾਰ ਬ੍ਰਿਟਨੀ ਗ੍ਰਿਨਰ ਤੋਂ ਬਾਅਦ ਰੂਸ ਦੁਆਰਾ ਗ੍ਰਿਫ਼ਤਾਰ ਕੀਤਾ ਗਿਆ ਸਭ ਤੋਂ ਉਚ ਪੱਧਰੀ ਅਮਰੀਕੀ ਨਾਗਰਿਕ ਹੈ। ਗ੍ਰੀਨਰ ਨੂੰ ਰਾਜਧਾਨੀ ਮਾਸਕੋ ਵਿਚ ਕੈਨਾਬਿਸ ਤੇਲ ਸਮੇਤ ਫੜਿਆ ਗਿਆ ਸੀ। ਰੂਸ ਨੇ ਗ੍ਰੀਨਰ ਨੂੰ ਕੈਦੀ ਅਦਲਾ-ਬਦਲੀ ਸਮਝੌਤੇ ਤਹਿਤ ਰਿਹਾਅ ਕੀਤਾ ਸੀ। ਰੂਸੀ ਸੁਰੱਖਿਆ ਏਜੰਸੀ ਐਫਐਸਬੀ ਨੇ ਕਿਹਾ ਹੈ ਕਿ ਅਮਰੀਕੀ ਨਾਗਰਿਕ ਗੇਰਸਕੋਵਿਚ ਇਵਾਨ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਕਾਰਨ ਗ੍ਰਿਫਤਾਰ ਕੀਤਾ ਗਿਆ ਹੈ। ਗੇਰਸ਼ਕੋਵਿਚ 'ਤੇ ਜਾਸੂਸੀ ਦਾ ਸ਼ੱਕ ਹੈ। ਇਹ ਵੱਖਰੀ ਗੱਲ ਹੈ ਕਿ ਵਾਲ ਸਟਰੀਟ ਜਰਨਲ ਨੇ ਇਨ੍ਹਾਂ ਸਾਰੇ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936

# ਮੁੱਖ ਮੰਤਰੀ ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਵਿੱਚ ਮਿਸਾਲੀ ਤਬਦੀਲੀ ਦਾ ਸੱਦਾ

## * ਫ਼ਸਲੀ ਵਿਭਿੰਨਤਾ ਨੂੰ ਸੂਬੇ ਲਈ ਅਹਿਮ ਲੋੜ ਦੱਸਿਆ * ਕਿਸਾਨਾਂ ਨੂੰ ਕਪਾਹ, ਬਾਸਮਤੀ ਤੇ ਮੂੰਗੀ ਵਰਗੀਆਂ ਬਦਲਵੀਆਂ ਫ਼ਸਲਾਂ ਅਪਨਾਉਣ ਦੀ ਅਪੀਲ * ਕਿਸਾਨਾਂ ਨੂੰ ਪੀਏਯੂ ਪ੍ਰਵਾਨਿਤ ਕਪਾਹ ਦੇ ਬੀਜਾਂ 'ਤੇ 33% ਸਬਸਿਡੀ ਮਿਲੇਗੀ

ਚੰਡੀਗੜ੍ਹ, 30 ਮਾਰਚ (ਗਿਆਨ ਸਿੰਘ): ਪੰਜਾਬ ਲਈ ਫ਼ਸਲੀ ਵਿਭਿੰਨਤਾ ਨੂੰ ਅਹਿਮ ਲੋੜ ਦੱਸਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨਾਂ ਨੂੰ ਕਪਾਹ, ਬਾਸਮਤੀ ਤੇ ਮੂੰਗੀ ਵਰਗੀਆਂ ਬਦਲਵੀਆਂ ਫ਼ਸਲਾਂ ਅਪਣਾ ਕੇ ਖੇਤੀਬਾੜੀ ਵਿੱਚ ਮਿਸਾਲੀ ਤਬਦੀਲੀ ਦਾ ਸੱਦਾ ਦਿੱਤਾ।

ਸੂਬੇ ਦੇ ਕਿਸਾਨਾਂ ਨੂੰ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਜਰਖ਼ੇਜ਼ ਜ਼ਮੀਨ ਉਤੇ ਕਈ ਫ਼ਸਲਾਂ ਉਗਾਈਆਂ ਜਾਂਦੀਆਂ ਸਨ ਪਰ ਹੌਲੀ-ਹੌਲੀ ਕਿਸਾਨ ਝੋਨੇ ਤੱਕ ਮਹਿਦੂਦ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਸੂਬੇ ਦੀ ਆਰਥਿਕਤਾ ਉਤੇ ਮਾੜਾ ਪ੍ਰਭਾਵ ਪੈਂਦਾ ਹੈ ਕਿਉਂਕਿ ਇਸ ਲਈ ਬਿਜਲੀ ਤੇ ਪਾਣੀ ਦੀ ਬੇਹੱਦ ਵੱਧ ਵਰਤੋਂ ਕਰਨੀ ਪੈਂਦੀ ਹੈ, ਜਿਸ ਨਾਲ ਪੰਜਾਬ ਦੇ ਕਈ ਇਲਾਕੇ ਡਾਰਕ ਜ਼ੋਨ ਵਿੱਚ ਆ ਚੁੱਕੇ ਹਨ। ਇਸ ਦੇ ਨਾਲ-ਨਾਲ ਪਰਾਲੀ ਫੂਕਣ ਤੇ ਹੋਰ ਸਮੱਸਿਆਵਾਂ ਵੀ ਪੈਦਾ ਹੁੰਦੀਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸ ਖ਼ਤਰੇ ਨਾਲ ਨਜਿੱਠਣ ਲਈ ਬਦਲਵੀਆਂ ਫ਼ਸਲਾਂ ਅਪਨਾਉਣ ਦੀ ਲੋੜ ਹੈ, ਜਿਸ ਲਈ ਸੂਬੇ ਦੇ ਮੁੱਖ ਸਕੱਤਰ ਦੀ ਅਗਵਾਈ ਹੇਠ ਇਕ ਕਮੇਟੀ ਬਣਾਈ ਗਈ ਹੈ, ਜਿਹੜੀ ਬਦਲਵੀਆਂ ਫ਼ਸਲਾਂ ਬਾਰੇ ਸੁਝਾਅ ਦੇਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਲਈ ਸੂਬਾ ਸਰਕਾਰ ਪਹਿਲੀ ਅਪਰੈਲ ਤੋਂ ਕਪਾਹ ਦੀ ਫ਼ਸਲ ਲਈ ਨਹਿਰੀ ਪਾਣੀ ਮੁਹੱਈਆ ਕਰਨ ਦੀ ਗਰੰਟੀ ਦੇਣ ਦੇ ਨਾਲ-ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਤੋਂ ਪ੍ਰਵਾਨਤ ਕਪਾਹ ਬੀਜਾਂ ਉਤੇ 33 ਫੀਸਦੀ ਸਬਸਿਡੀ ਦੇਵੇਗੀ। ਇਸ ਦੇ ਨਾਲ-ਨਾਲ ਕਪਾਹ ਦੀ ਫ਼ਸਲ ਉਤੇ ਬੀਮਾ ਅਤੇ ਬਾਸਮਤੀ ਉਤੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਦਿੱਤੀ ਜਾਵੇਗੀ। ਝੋਨੇ ਕਾਰਨ ਦਰਪੇਸ਼ ਕਈ ਸਮੱਸਿਆਵਾਂ ਉਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦਾ ਮੰਨਣਾ ਹੈ ਕਿ ਕਪਾਹ ਤੇ ਨਰਮੇ ਦੀ ਖੇਤੀ ਹੇਠ ਰਕਬਾ ਵਧਾ ਕੇ ਇਸ ਸਮੱਸਿਆ ਦੀ ਜੜ੍ਹ ਨੂੰ ਖ਼ਤਮ ਕੀਤਾ ਜਾ ਸਕਦਾ ਹੈ, ਜਿਸ ਲਈ ਸਰਕਾਰ ਨੇ ਨਰਮੇ ਲਈ ਪਹਿਲੀ ਅਪਰੈਲ ਤੋਂ ਨਹਿਰੀ ਪਾਣੀ ਮੁਹੱਈਆ ਕਰਨ ਦਾ ਫੈਸਲਾ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰਾਂ ਤੇ ਸੀਨੀਅਰ ਕਪਤਾਨ ਪੁਲਿਸ ਨੂੰ ਨਹਿਰੀ ਪਾਣੀ ਦੀ ਚੋਰੀ ਰੋਕਣ ਲਈ ਪੁਲਿਸ ਬਲ ਤਾਇਨਾਤ ਕਰਨ ਦਾ ਆਦੇਸ਼ ਦਿੱਤਾ ਗਿਆ ਹੈ ਤਾਂ ਕਿ ਟੇਲਾਂ ਉਤੇ ਪੈਂਦੇ ਕਿਸਾਨਾਂ ਨੂੰ ਲਾਭ ਮਿਲ ਸਕੇ। ਭਗਵੰਤ ਮਾਨ ਨੇ ਕਿਹਾ ਕਿ ਆਪਣੀ



ਤਰ੍ਹਾਂ ਦੀ ਪਹਿਲੀ 'ਕਿਸਾਨ-ਸਰਕਾਰ ਮਿਲਣੀ' ਦੌਰਾਨ ਪ੍ਰਭਾਵਸ਼ਾਲੀ ਕਿਸਾਨਾਂ ਵੱਲੋਂ ਪਾਣੀ ਚੋਰੀ ਕਰਨ ਦਾ ਮੁੱਦਾ ਉੱਠਿਆ ਸੀ, ਜਿਸ ਲਈ ਸੂਬਾ ਸਰਕਾਰ ਨੇ ਇਸ ਨਾਲ ਸਖ਼ਤੀ ਨਾਲ ਸਿੱਝਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਉਮੀਦ ਜਤਾਈ ਕਿ ਇਸ ਨਾਲ ਚੰਗੀ ਗੁਣਵਤਾ ਵਾਲਾ ਨਰਮਾ ਪੈਦਾ ਹੋਵੇਗਾ। ਉਨ੍ਹਾਂ ਕਿਸਾਨਾਂ ਨੂੰ ਨਕਲੀ ਬੀਜਾਂ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਆ।

ਫ਼ਸਲੀ ਵਿਭਿੰਨਤਾ ਲਈ ਚੁੱਕੇ ਹੋਰ ਕਦਮਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਰਟੀਫਾਈਡ ਕਪਾਹ ਬੀਜਾਂ ਉਤੇ 33 ਫੀਸਦੀ ਸਬਸਿਡੀ ਦੇਣ ਦਾ ਐਲਾਨ ਕੀਤਾ ਤਾਂ ਕਿ ਚੰਗੀ ਪੈਦਾਵਾਰ ਵਾਲੇ ਬੀਜ ਕਿਸਾਨਾਂ ਲਈ ਘੱਟ ਕੀਮਤਾਂ ਉਤੇ ਉਪਲਬਧ ਹੋਣ। ਉਨ੍ਹਾਂ ਕਿਹਾ ਕਿ ਚਿੱਟੀ ਮੱਖੀ ਅਤੇ ਗੁਲਾਬੀ ਸੁੰਡੀ ਦੇ ਹਮਲੇ ਦਾ ਟਾਕਰਾ ਕਰਨ ਲਈ ਵੀ ਇਹਤਿਆਤੀ ਕਦਮ ਚੁੱਕੇ ਜਾ ਰਹੇ ਹਨ। ਭਗਵੰਤ ਮਾਨ ਨੇ ਜ਼ੋਰ ਦੇ ਕੇ ਆਖਿਆ ਕਿ ਇਨ੍ਹਾਂ ਸਮੱਸਿਆਵਾਂ ਦੇ ਖ਼ਾਤਮੇ ਲਈ ਨਵੇਂ ਕੀਟਨਾਸ਼ਕਾਂ ਦੀ ਵਿਆਪਕ ਖੋਜ ਦਾ ਫ਼ੈਸਲਾ ਕੀਤਾ ਗਿਆ ਹੈ।

ਸਾਰੀਆਂ ਕੁਦਰਤੀ ਆਫ਼ਤਾਂ ਤੋਂ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਦੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਕਪਾਹ ਦੀ ਫ਼ਸਲ ਦੇ ਨੁਕਸਾਨ ਦੀ ਪੂਰਤੀ ਲਈ ਸੂਬਾ ਸਰਕਾਰ ਬੀਮਾ ਸਕੀਮ ਉਤੇ ਵਿਚਾਰ ਕਰ ਰਹੀ ਹੈ ਤਾਂ ਕਿ ਕਿਸਾਨਾਂ ਨੂੰ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਬਾਸਮਤੀ ਨੂੰ ਵੀ ਫ਼ਸਲੀ ਵਿਭਿੰਨਤਾ ਲਈ ਬਦਲਵੀਂ ਫ਼ਸਲ ਵਜੋਂ ਉਤਸ਼ਾਹਤ ਕੀਤਾ ਜਾਵੇਗਾ ਅਤੇ ਉਨ੍ਹਾਂ ਬਾਸਮਤੀ ਉਤੇ ਐਮ.ਐਸ.ਪੀ. ਦੇਣ ਦਾ ਵੀ ਭਰੋਸਾ ਦਿੱਤਾ। ਭਗਵੰਤ ਮਾਨ ਨੇ ਕਿਹਾ ਕਿ ਐਮ.ਐਸ.ਪੀ. ਉਤੇ ਬਾਸਮਤੀ ਦੀ ਖ਼ਰੀਦ ਲਈ ਮਾਰਕਫੈੱਡ ਨੋਡਲ ਏਜੰਸੀ ਹੋਵੇਗੀ ਅਤੇ ਕਿਸਾਨਾਂ ਦੇ ਹਿੱਤਾਂ ਦੀ ਹਰ ਕੀਮਤ ਉਤੇ ਰੱਖਿਆ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਬਾਸਮਤੀ ਉਤੇ ਕੀਟਨਾਸ਼ਕਾਂ ਦੇ ਛਿੜਕਾਅ ਦੀ ਮਿਕਦਾਰ ਤੈਅ ਕਰਨ ਵਾਸਤੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲੈਬਾਰਟਰੀਆਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਤਾਂ ਕਿ ਬਾਸਮਤੀ ਦੀ ਫ਼ਸਲ ਕੀਟਨਾਸ਼ਕ ਰਹਿੰਦ-ਖੂੰਹਦ ਸਬੰਧੀ ਯੂਰਪੀ ਮੁਲਕਾਂ ਦੇ ਬਰਾਮਦ ਮਾਪਦੰਡਾਂ ਉਤੇ ਪੂਰੀ ਉਤਰੇ। ਉਨ੍ਹਾਂ ਝੋਨੇ ਦੀ ਪੀ.ਆਰ. 126 ਤੇ ਅਜਿਹੀਆਂ ਹੋਰ ਕਿਸਮਾਂ ਦੀ ਕਾਸ਼ਤ ਦੀ ਸਿਫ਼ਾਰਸ਼ ਕਰਦਿਆਂ ਆਖਿਆ ਕਿ ਪੀ.ਏ.ਯੂ. ਦੀਆਂ ਪ੍ਰਵਾਨਤ ਕਿਸਮਤਾਂ ਨੂੰ ਉਤਸ਼ਾਹਤ ਕਰਨ ਅਤੇ ਪੂਸਾ 44 ਵਰਗੀਆਂ ਪੱਕਣ ਲਈ ਵੱਧ ਸਮਾਂ ਤੇ ਜ਼ਿਆਦਾ ਪਾਣੀ ਲੈਣ ਵਾਲੀਆਂ ਕਿਸਮਾਂ ਦੀ ਖੇਤੀ ਤੋਂ ਕਿਸਾਨਾਂ ਨੂੰ ਰੋਕਣ ਲਈ ਕੋਸ਼ਿਸ਼ਾਂ ਹੋ ਰਹੀਆਂ ਹਨ। ਭਗਵੰਤ ਮਾਨ ਨੇ ਇਹ ਵੀ ਕਿਹਾ ਕਿ ਮੂੰਗੀ ਉਤੇ ਐਮ.ਐਸ.ਪੀ. ਜਾਰੀ ਰਹੇਗੀ ਪਰ ਹਾਲੀਆ ਖੋਜਾਂ ਵਿੱਚ ਪਤਾ ਚੱਲਿਆ ਹੈ ਕਿ ਮੂੰਗੀ ਦੀ ਫ਼ਸਲ ਉਤੇ ਪੈਦਾ ਹੁੰਦੀ ਚਿੱਟੀ ਮੱਖੀ ਨਰਮੇ ਉਤੇ ਤਬਦੀਲ ਹੋ ਜਾਂਦੀ ਹੈ, ਜਿਸ ਕਾਰਨ ਮਾਨਸਾ, ਬਠਿੰਡਾ, ਮੁਕਤਸਰ ਸਾਹਿਬ ਤੇ ਫਾਜ਼ਿਲਕਾ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਮੂੰਗੀ ਦੀ ਕਾਸ਼ਤ ਨਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਇਸ ਦੌਰਾਨ ਭਗਵੰਤ ਮਾਨ ਨੇ ਕਿਹਾ ਕਿ ਅਜਿਹੇ ਖ਼ਤਰਿਆਂ ਤੋਂ ਕਿਸਾਨਾਂ ਨੂੰ ਜਾਣੂੰ ਕਰਵਾਉਣ ਲਈ 2500 ਕਿਸਾਨ ਮਿੱਤਰ ਅਤੇ ਪੀ.ਏ.ਯੂ. ਦੇ 100 ਖੇਤੀਬਾੜੀ ਮਾਹਿਰ ਨਿਯੁਕਤ ਕੀਤੇ ਜਾਣਗੇ।

# ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ: ਰੋਪ-ਵੇਅ ਪ੍ਰਾਜੈਕਟ ਦੋਵਾਂ ਰਾਜਾਂ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਦੇ ਨਾਲ-ਨਾਲ ਸੈਲਾਨੀਆਂ ਦੀ ਸਹੂਲਤ ਲਈ ਵੀ ਹੋਵੇਗਾ ਸਹਾਈ

ਚੰਡੀਗੜ੍ਹ, 30 ਮਾਰਚ (ਗਿਆਨ ਸਿੰਘ): ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਨੇ ਸ੍ਰੀ ਆਨੰਦਪੁਰ ਸਾਹਿਬ-ਨੈਣਾ ਦੇਵੀ ਅਤੇ ਪਠਾਨਕੋਟ-ਡਲਹੌਜ਼ੀ ਖੇਤਰਾਂ ਵਿੱਚ ਸਾਂਝੇ ਤੌਰ 'ਤੇ ਰੋਪਵੇਅ ਪ੍ਰਾਜੈਕਟ ਵਿਕਸਤ ਕਰਨ ਵਾਸਤੇ ਸਹਿਮਤੀ ਦੇਣ ਲਈ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀਆਂ ਦੀ ਸ਼ਲਾਘਾ ਕੀਤੀ ਹੈ। ਇਸ ਪ੍ਰਾਜੈਕਟ ਨਾਲ ਦੋਵਾਂ ਸੂਬਿਆਂ ਦੇ ਸਮਾਜਿਕ-ਆਰਥਿਕ ਵਿਕਾਸ ਅਤੇ ਸੈਰ-ਸਪਾਟੇ ਨੂੰ ਹੁਲਾਰਾ ਮਿਲਣ ਦੀ ਉਮੀਦ ਹੈ।

ਇਸ ਸਬੰਧ ਵਿੱਚ ਹੋਰ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ ਕਿ ਰੋਪ-ਵੇਅ ਪ੍ਰੋਜੈਕਟ ਸੈਲਾਨੀਆਂ ਲਈ ਖਿੱਚ ਦਾ ਪ੍ਰਮੁੱਖ ਕੇਂਦਰ ਹੋਵੇਗਾ ਅਤੇ ਇਸ ਨਾਲ ਸਥਾਨਕ ਆਰਥਿਕਤਾ ਨੂੰ ਵੱਡਾ



ਹੁਲਾਰਾ ਮਿਲਣ ਦੀ ਉਮੀਦ ਹੈ। ਇਹ ਖੇਤਰ ਦੇ ਸਭ ਤੋਂ ਸੁੰਦਰ ਕੁਝ ਸਥਾਨਾਂ ਤੱਕ ਆਸਾਨ ਪਹੁੰਚ ਪ੍ਰਦਾਨ ਕਰੇਗਾ, ਜਿਸ ਨਾਲ ਬਿਨਾਂ ਸ਼ੱਕ ਵੱਡੀ ਗਿਣਤੀ ਸੈਲਾਨੀ ਆਕਰਸ਼ਿਤ ਹੋਣਗੇ। ਇਸ ਪ੍ਰੋਜੈਕਟ ਤੋਂ ਦੋਵਾਂ ਰਾਜਾਂ ਦਰਮਿਆਨ ਸੰਪਰਕ ਵਿੱਚ ਸੁਧਾਰ ਦੀ ਵੀ ਉਮੀਦ ਹੈ, ਜਿਸ ਨਾਲ ਵਪਾਰ ਅਤੇ ਕਾਰੋਬਾਰ ਨੂੰ ਵੀ ਹੁਲਾਰਾ ਮਿਲੇਗਾ।

ਮੰਤਰੀ ਨੇ ਸੈਰ ਸਪਾਟੇ ਨੂੰ ਹੁਲਾਰਾ ਦੇਣ ਅਤੇ ਖੇਤਰ ਦੀ ਸਮਾਜਿਕ-ਆਰਥਿਕ ਸਥਿਤੀ ਨੂੰ ਸੁਧਾਰਨ ਲਈ ਦੋਵਾਂ ਮੁੱਖ ਮੰਤਰੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਉਮੀਦ ਕੀਤੀ ਕਿ ਇਹ ਪ੍ਰਾਜੈਕਟ ਜਲਦ ਹੀ ਮੁਕੰਮਲ ਹੋ ਜਾਵੇਗਾ ਅਤੇ ਦੇਸ਼ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰੇਗਾ।

ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੀਆਂ ਸਰਕਾਰਾਂ ਵੱਲੋਂ ਰੋਪ-ਵੇਅ ਪ੍ਰੋਜੈਕਟ ਵਿਕਸਤ ਕਰਨ ਦਾ ਸਾਂਝਾ ਉਪਰਾਲਾ ਇਸ ਖੇਤਰ ਵਿੱਚ ਸੈਰ ਸਪਾਟੇ ਨੂੰ ਹੁਲਾਰਾ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਹੈ ਅਤੇ ਇਸ ਨਾਲ ਦੋਵਾਂ ਸੂਬਿਆਂ ਦੀ ਆਰਥਿਕਤਾ 'ਤੇ ਸਕਾਰਾਤਮਕ ਪ੍ਰਭਾਵ ਪੈਣ ਦੀ ਉਮੀਦ ਹੈ।

# ਪੰਜਾਬ ਸਰਕਾਰ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੇ ਹਾੜ੍ਹੀ ਮੰਡੀਕਰਨ ਸੀਜ਼ਨ ਦੌਰਾਨ ਫ਼ਸਲ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਵਚਨਬੱਧ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 30 ਮਾਰਚ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 1 ਅਪ੍ਰੈਲ, 2023 ਤੋਂ ਸ਼ੁਰੂ ਹੋਣ ਵਾਲੇ ਆਗਾਮੀ ਹਾੜ੍ਹੀ ਮੰਡੀਕਰਨ ਸੀਜ਼ਨ (ਆਰ.ਐਮ.ਐਸ.) ਦੌਰਾਨ ਕਣਕ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਇੱਥੇ ਦੱਸਿਆ ਕਿ ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਵੱਲੋਂ ਨਿਰਵਿਘਨ ਖਰੀਦ ਪ੍ਰਕਿਰਿਆ ਲਈ 29,000 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐਲ.) ਦੀ ਮਨਜ਼ੂਰੀ ਦਿੱਤੀ ਗਈ ਹੈ। ਮੰਤਰੀ ਨੇ ਅੱਗੇ ਕਿਹਾ ਕਿ ਪਹਿਲੇ ਦਿਨ ਤੋਂ ਹੀ ਫ਼ਸਲ ਦੀਆਂ ਅਦਾਇਗੀਆਂ ਯਕੀਨੀ ਬਣਾਈਆਂ ਜਾਣਗੀਆਂ ਅਤੇ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ।

ਇਸ ਦੇ ਨਾਲ ਹੀ ਕਣਕ ਦੀ ਰੀਸਾਈਕਲਿੰਗ ਨੂੰ ਰੋਕਣ ਲਈ ਖਰੀਦ ਕੇਂਦਰ ਤੋਂ ਸਟੋਰੇਜ ਪੁਆਇੰਟ ਤੱਕ ਕਣਕ ਦੀ ਢੋਆ-ਢੁਆਈ ਲਈ ਵਰਤੇ ਜਾਣ ਵਾਲੇ ਸਾਰੇ ਟਰਾਂਸਪੋਰਟ ਵਾਹਨਾਂ ਵਿੱਚ ਵਾਹਨ ਟਰੈਕਿੰਗ ਸਿਸਟਮ ਲਾਉਣੇ ਲਾਜ਼ਮੀ ਕੀਤੇ ਗਏ ਹਨ।

ਕਿਸਾਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੰਤਰੀ ਨੇ ਕਿਹਾ ਕਿ ਸਾਰੇ ਖਰੀਦ ਕੇਂਦਰਾਂ ਵਿੱਚ ਫਸਟ-ਏਡ ਕਿੱਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਸਾਵਧਾਨੀ ਅਤੇ ਪਹਿਲ ਦੇ ਆਧਾਰ 'ਤੇ ਨਜਿੱਠਿਆ ਜਾ ਸਕੇ। ਮੰਡੀ ਬੋਰਡ ਵੱਲੋਂ ਖਰੀਦ ਕੇਂਦਰਾਂ ਵਿੱਚ ਪੀਣ ਵਾਲੇ ਪਾਣੀ ਅਤੇ ਪਖਾਨਿਆਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

# ਵਿਜੀਲੈਂਸ ਬਿਊਰੋ ਵੱਲੋਂ ਸਾਬਕਾ ਮੰਤਰੀ ਦੇ ਲੜਕੇ ਨੂੰ ਸਾਜਿਸ਼ ਤਹਿਤ ਸਸਤਾ ਪਲਾਟ ਵੇਚਣ ਦੇ ਦੋਸ਼ ਹੇਠ ਦੋ ਮੁਲਜ਼ਮ ਕਾਬੂ

## -ਅਦਾਲਤ ਵੱਲੋਂ ਮੁਲਜ਼ਮ 6 ਦਿਨਾਂ ਦੇ ਪੁਲਿਸ ਰਿਮਾਂਡ ਤੇ ਵਿਜੀਲੈਂਸ ਹਵਾਲੇ

ਚੰਡੀਗੜ੍ਹ, 30 ਮਾਰਚ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸਾਬਕਾ ਜੰਗਲਾਤ ਮੰਤਰੀ ਪੰਜਾਬ ਸਾਧੂ ਸਿੰਘ ਧਰਮਸੋਤ ਦੇ ਪੁੱਤਰ ਹਰਪ੍ਰੀਤ ਸਿੰਘ ਨੂੰ 60 ਲੱਖ ਰੁਪਏ ਵਿੱਚ ਪਲਾਟ ਖਰੀਦ ਕੇ ਸਾਜਿਸ਼ ਤਹਿਤ ਉਸੇ ਦਿਨ ਸਿਰਫ 25 ਲੱਖ ਰੁਪਏ ਵਿੱਚ ਵੇਚਣ ਦੇ ਦੋਸ਼ ਹੇਠ ਉਕਤ ਹਰਪ੍ਰੀਤ ਸਿੰਘ ਤੋਂ ਇਲਾਵਾ ਤਿੰਨ ਹੋਰ ਵਿਅਕਤੀਆਂ ਨੂੰ ਪਹਿਲਾਂ ਤੋਂ ਹੀ ਦਰਜ ਭ੍ਰਿਸ਼ਟਾਚਾਰ ਦੇ ਇੱਕ ਮੁਕੱਦਮੇ ਵਿੱਚ ਬਤੌਰ ਦੋਸ਼ੀ ਨਾਮਜ਼ਦ ਕੀਤਾ ਹੈ।

ਇਸ ਕੇਸ ਵਿੱਚ ਵਿਜੀਲੈਂਸ ਬਿਊਰੋ ਵੱਲੋਂ ਦੋ ਮੁਲਜ਼ਮ ਰਾਜੇਸ਼ ਕੁਮਾਰ ਚੋਪੜਾ ਅਤੇ ਰਾਜ ਕੁਮਾਰ ਨਾਗਪਾਲ ਨੂੰ ਗ੍ਰਿਫਤਾਰ ਕਰਨ ਉਪਰੰਤ ਮੋਹਾਲੀ ਦੀ ਅਦਾਲਤ ਵਿਖੇ ਪੇਸ਼ ਕਰਕੇ 6 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਇਸ ਮੁਕੱਦਮੇ ਦੀ ਹੋਰ ਪੜਤਾਲ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਬਿਊਰੋ ਵੱਲੋਂ ਪਹਿਲਾਂ ਹੀ ਮੁਕੱਦਮਾ ਨੰਬਰ 06 ਮਿਤੀ 06-02-2023 ਨੂੰ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 13(1), 13(2) ਤਹਿਤ ਵਿਜੀਲੈਂਸ ਬਿਊਰੋ ਉਡਣ ਦਸਤਾ, ਪੰਜਾਬ, ਮੋਹਾਲੀ ਦੇ ਥਾਣੇ ਵਿੱਚ ਦਰਜ ਹੈ। ਇਸ ਕੇਸ ਦੀ ਤਫਤੀਸ਼ ਤੋਂ ਪਾਇਆ ਗਿਆ ਕਿ ਮੁਲਜ਼ਮ ਰਾਜ ਕੁਮਾਰ ਨਾਗਪਾਲ, ਵਾਸੀ ਸੈਕਟਰ 8, ਪੰਚਕੂਲਾ, ਹਰਿਆਣਾ ਵੱਲੋਂ ਪਲਾਟ ਨੰਬਰ 2023, ਸੈਕਟਰ-88 ਮੋਹਾਲੀ ਦੀ ਐਲ.ਓ.ਆਈ. ਗੁਰਮਿੰਦਰ ਸਿੰਘ ਗਿੱਲ, ਵਾਸੀ ਕੋਠੀ ਨੰਬਰ 1677, ਫੇਸ-3ਬੀ-2 ਮੋਹਾਲੀ ਪਾਸੋਂ ਮਿਤੀ 27.11.2018 ਨੂੰ ਇੱਕ ਅਸ਼ਟਾਮ (ਨੰਬਰ ਏਈ773271) ਰਾਹੀਂ 60 ਲੱਖ ਰੁਪਏ ਵਿੱਚ ਖਰੀਦੀ ਗਈ ਜਦਕਿ ਉਸੇ ਦਿਨ ਉਸੇ ਅਸਟਾਮ ਦੀ ਲੜੀ ਵਿੱਚ ਇੱਕ ਹੋਰ ਅਸਟਾਮ (ਨੰਬਰ ਏਈ773272) ਖਰੀਦ ਕਰਕੇ, ਮੁਲਜ਼ਮ ਰਾਜ ਕੁਮਾਰ ਵੱਲੋਂ ਇਹੀ ਪਲਾਟ ਅੱਗੇ ਦੋਸ਼ੀ ਸਾਧੂ ਸਿੰਘ ਧਰਮਸੋਤ, ਸਾਬਕਾ ਜੰਗਲਾਤ ਮੰਤਰੀ ਪੰਜਾਬ ਦੇ ਪੁੱਤਰ ਹਰਪ੍ਰੀਤ ਸਿੰਘ ਨੂੰ ਕਰੀਬ 35 ਲੱਖ ਰੁਪਏ ਵਿੱਚ ਘਟਾਕੇ ਸਿਰਫ 25 ਲੱਖ ਰੁਪਏ ਵਿੱਚ ਸਾਜਿਸ਼ ਤਹਿਤ ਵੇਚ ਦਿੱਤਾ ਗਿਆ। ਇਸ ਪਲਾਟ ਦੀ ਖਰੀਦ ਤੇ ਵਿੱਕਰੀ ਸਮੇਂ ਮੁਲਜ਼ਮ ਰਾਜੇਸ਼ ਕੁਮਾਰ ਚੋਪੜਾ, ਵਾਸੀ ਸੈਕਟਰ 82 ਜੇ.ਐਲ.ਪੀ.ਐਲ., ਮੁਹਾਲੀ ਵੱਲੋਂ ਬਤੌਰ ਗਵਾਹ ਦਸਤਖਤ ਕੀਤੇ ਗਏ।

ਉਨ੍ਹਾਂ ਦੱਸਿਆ ਕਿ ਪੜਤਾਲ ਦੌਰਾਨ ਇਹ ਵੀ ਪਤਾ ਲੱਗਾ ਹੈ ਕਿ ਇਸ 60 ਲੱਖ ਰੁਪਏ ਦੀ ਰਕਮ ਵਿੱਚੋਂ ਉਕਤ ਮੁਲਜ਼ਮ ਰਾਜ ਕੁਮਾਰ ਦੇ ਖਾਤੇ ਵਿੱਚ ਪਹਿਲਾਂ ਹੀ ਅਨਮੋਲ ਅੰਪਾਇਰ ਪ੍ਰਾਈਵੇਟ ਲਿਮਟਿਡ ਦੇ ਪ੍ਰੋਪਰਾਈਟਰ ਮੁਲਜ਼ਮ ਰਾਜੇਸ਼ ਕੁਮਾਰ ਚੋਪੜਾ ਵੱਲੋਂ 22,50,000 ਰੁਪਏ, ਹਰਪ੍ਰੀਤ ਸਿੰਘ ਪੁੱਤਰ ਸਾਧੂ ਸਿੰਘ ਧਰਮਸੋਤ ਵੱਲੋਂ 25,00,000 ਰੁਪਏ ਅਤੇ ਬਾਕੀਆਂ ਵੱਲੋਂ 12,10,000 ਰੁਪਏ ਜਮ੍ਹਾਂ ਕਰਵਾ ਦਿੱਤੇ ਗਏ। ਰਾਜ ਕੁਮਾਰ ਤੋਂ ਇਹ ਐਲ.ਓ.ਆਈ. ਅੱਗੇ ਹਰਪ੍ਰੀਤ ਸਿੰਘ ਨੂੰ ਦਿਵਾਉਣ ਵਿੱਚ ਰਾਜ ਕੁਮਾਰ ਸਰਪੰਚ, ਪ੍ਰਾਪਰਟੀ ਡੀਲਰ, ਜੁਝਾਰ ਨਗਰ ਮੋਹਾਲੀ ਅਤੇ ਵਾਸੀ ਫੇਸ 6, ਮੋਹਾਲੀ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਹੈ।

ਬੁਲਾਰੇ ਨੇ ਦੱਸਿਆ ਕਿ ਗਮਾਡਾ ਦੇ ਰਿਕਾਰਡ ਮੁਤਾਬਿਕ ਵਿੱਕਰੀਕਰਤਾ ਗੁਰਮਿੰਦਰ ਸਿੰਘ ਗਿੱਲ ਦੇ ਨਾਮ ਤੋਂ ਰਾਜ ਕੁਮਾਰ ਦੇ ਨਾਮ ਪਰ ਐਲ.ਓ.ਆਈ. ਤਬਦੀਲ ਹੋਣ ਸਬੰਧੀ ਕੋਈ ਰਿਕਾਰਡ ਮੌਜੂਦ ਨਹੀਂ ਹੈ ਅਤੇ ਸਿੱਧਾ ਗੁਰਮਿੰਦਰ ਸਿੰਘ ਗਿੱਲ ਦੇ ਨਾਮ ਤੋਂ ਉਕਤ ਹਰਪ੍ਰੀਤ ਸਿੰਘ ਦੇ ਨਾਮ ਪਰ ਪਲਾਟ ਤਬਦੀਲ ਕਰ ਦਿੱਤਾ ਗਿਆ ਹੈ।

ਉਨਾਂ ਦੱਸਿਆ ਕਿ ਇਸ ਤਰ੍ਹਾਂ ਰਾਜ ਕੁਮਾਰ ਨਾਗਪਾਲ, ਰਾਜੇਸ਼ ਕੁਮਾਰ ਚੋਪੜਾ ਪ੍ਰਾਪਰਟੀ ਡੀਲਰ, ਰਾਜ ਕੁਮਾਰ ਸਰਪੰਚ ਪ੍ਰਾਪਰਟੀ ਡੀਲਰ ਅਤੇ ਹਰਪ੍ਰੀਤ ਸਿੰਘ ਪੁੱਤਰ ਸਾਧੂ ਸਿੰਘ ਵੱਲੋਂ ਮਿਲੀਭੁਗਤ ਤਹਿਤ ਵੱਖ-ਵੱਖ ਐਂਟਰੀਆਂ ਰਾਹੀਂ ਰਾਜ ਕੁਮਾਰ ਨੂੰ ਇਹ ਐਲ.ਓ.ਆਈ. ਫਰਜੀ ਤੌਰ ਤੇ ਖਰੀਦ ਤੇ ਵਿੱਕਰੀ ਕਰਨੀ ਵਿਖਾਈ ਗਈ ਹੈ ਅਤੇ ਦੋਸ਼ੀ ਸਾਧੂ ਸਿੰਘ ਧਰਮਸੋਤ ਦੇ ਲੜਕੇ ਲਈ ਕਰੀਬ 60 ਲੱਖ ਰੁਪਏ ਦੇ ਪਲਾਟ ਨੂੰ 25 ਲੱਖ ਰੁਪਏ ਵਿੱਚ ਖਰੀਦ ਕਰਨ ਲਈ ਵਿਖਾਉਣ ਵਿੱਚ ਮੱਦਦ ਕੀਤੀ ਗਈ ਹੈ। ਇਸ ਲਈ ਮੌਜੂਦਾ ਮੁਕੱਦਮੇ ਵਿੱਚ ਆਈ.ਪੀ.ਸੀ. ਦੀ ਧਾਰਾ 420, 465, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 12 ਦਾ ਵਾਧਾ ਕਰਦੇ ਹੋਏ ਹਰਪ੍ਰੀਤ ਸਿੰਘ ਪੁੱਤਰ ਸਾਧੂ ਸਿੰਘ ਧਰਮਸੋਤ ਵਾਸੀ ਅੰਨੀਆ ਰੋਡ, ਅਮਲੋਹ, ਰਾਜ ਕੁਮਾਰ ਨਾਗਪਾਲ, ਰਾਜੇਸ਼ ਕੁਮਾਰ ਚੋਪੜਾ ਅਤੇ ਰਾਜ ਕੁਮਾਰ ਸਰਪੰਚ ਨੂੰ ਬਤੌਰ ਦੋਸ਼ੀ ਨਾਮਜ਼ਦ ਕੀਤਾ ਗਿਆ ਹੈ। ਇਸ ਕੇਸ ਵਿੱਚ ਦੋ ਮੁਲਜ਼ਮਾਂ ਰਾਜੇਸ਼ ਕੁਮਾਰ ਚੋਪੜਾ ਅਤੇ ਰਾਜ ਕੁਮਾਰ ਨਾਗਪਾਲ ਨੂੰ ਮਿਤੀ 28.03.2023 ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਬਾਕੀਆਂ ਦੀ ਭਾਲ ਜਾਰੀ ਹੈ।




# ਪਾਕਿ 'ਚ ਹਿੰਦੂ ਡਾਕਟਰ ਨੂੰ ਗੋਲੀ ਮਾਰ ਕੇ ਉਤਾਰਿਆ ਮੌਤ ਦੇ ਘਾਟ, ਇਕ ਮਹੀਨੇ 'ਚ ਦੂਜੀ ਟਾਰਗੇਟ ਕਿਲਿੰਗ

ਕਰਾਚੀ, 30 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਵਿੱਚ ਇੱਕ ਵਾਰ ਫਿਰ ਹਿੰਦੂ ਡਾਕਟਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਕਰਾਚੀ ਮਿਊਂਸਪਲ ਕਾਰਪੋਰੇਸ਼ਨ ਦੇ ਸੇਵਾਮੁਕਤ ਡਾਇਰੈਕਟਰ ਅਤੇ ਨੇਤਰ ਰੋਗਾਂ ਦੇ ਮਾਹਿਰ ਡਾਕਟਰ ਬੀਰਬਲ ਜੇਨਾਨੀ ਦੀ ਲਿਆਰੀ ਐਕਸਪ੍ਰੈਸ ਵੇਅ ਨੇੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਹਮਲੇ 'ਚ ਉਸ ਦਾ ਸਹਾਇਕ ਕੁਰਤ-ਉਲ-ਏਨ ਵੀ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਦੋਵੇਂ ਇੱਕ ਹੀ ਕਾਰ ਵਿੱਚ ਸਫ਼ਰ ਕਰ ਰਹੇ ਸਨ।



ਸਥਾਨਕ ਮੀਡੀਆ ਨੇ ਦੱਸਿਆ ਕਿ ਕਰਾਚੀ ਮਿਊਂਸਪਲ ਕਾਰਪੋਰੇਸ਼ਨ ਦੇ ਸਾਬਕਾ ਡਾਇਰੈਕਟਰ ਅਤੇ ਇੱਕ ਨੇਤਰ ਰੋਗ ਵਿਗਿਆਨੀ ਦੀ ਮੌਤ ਹੋ ਗਈ। ਪਾਕਿਸਤਾਨ ਵਿੱਚ ਇੱਕ ਮਹੀਨੇ ਵਿੱਚ ਦੂਜੀ ਵਾਰ ਹਿੰਦੂ ਡਾਕਟਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਸ ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆ ਗਈ ਹੈ।

ਇਸ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਟਾਰਗੇਟ ਕਿਲਿੰਗ ਦਾ ਸ਼ੱਕ ਜਤਾਇਆ ਜਾ ਰਿਹਾ ਹੈ। ਪਾਕਿਸਤਾਨ 'ਚ ਇਸ ਮਹੀਨੇ ਹਿੰਦੂ ਡਾਕਟਰ 'ਤੇ ਹਮਲੇ ਦਾ ਇਹ ਦੂਜਾ ਮਾਮਲਾ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ, ਇੱਕ ਡਾਕਟਰ, ਧਰਮ ਦੇਵ ਰਾਠੀ, ਪਾਕਿਸਤਾਨ ਦੇ ਹੈਦਰਾਬਾਦ ਵਿੱਚ ਉਸਦੇ ਡਰਾਈਵਰ ਦੁਆਰਾ ਉਸਦੇ ਘਰ ਦੇ ਅੰਦਰ ਕਤਲ ਕਰ ਦਿੱਤਾ ਗਿਆ ਸੀ। ਪੁਲਿਸ ਨੇ ਪਾਕਿਸਤਾਨੀ ਸਮਾਚਾਰ ਆਊਟਲੈਟ ਨੂੰ ਦੱਸਿਆ ਕਿ ਡਰਾਈਵਰ ਨੇ ਚਾਕੂ ਨਾਲ ਡਾਕਟਰ ਦਾ ਗਲਾ ਵੱਢ ਦਿੱਤਾ ਸੀ। ਪੁਲਸ ਨੇ ਡਰਾਈਵਰ ਨੂੰ ਖੈਰਪੁਰ ਸਥਿਤ ਉਸ ਦੇ ਘਰ ਤੋਂ ਗ੍ਰਿਫਤਾਰ ਕਰ ਲਿਆ ਅਤੇ ਉਸ ਦੀ ਪਛਾਣ ਹਨੀਫ ਲੇਘਾਰੀ ਵਜੋਂ ਹੋਈ।

ਡਾਕਟਰ ਦੇ ਰਸੋਈਏ ਨੇ ਪੁਲਸ ਨੂੰ ਦੱਸਿਆ ਕਿ ਘਰ ਜਾਂਦੇ ਸਮੇਂ ਦੋਹਾਂ ਵਿਚਾਲੇ ਝਗੜਾ ਹੋ ਗਿਆ। ਇਸ ਤੋਂ ਬਾਅਦ ਜਦੋਂ ਦੋਵੇਂ ਘਰ ਪਹੁੰਚੇ ਤਾਂ ਡਰਾਈਵਰ ਨੇ ਕਥਿਤ ਤੌਰ 'ਤੇ ਰਸੋਈ 'ਚੋਂ ਚਾਕੂ ਕੱਢ ਕੇ ਡਾਕਟਰ ਦਾ ਆਪਣੇ ਹੀ ਘਰ 'ਚ ਕਤਲ ਕਰ ਦਿੱਤਾ।

# ਰਾਮ ਨੌਮੀ ਦੇ ਜਲੂਸ ਦੌਰਾਨ ਕਰੰਟ ਲੱਗਣ ਨਾਲ 3 ਦੀ ਮੌਤ

ਕੋਟਾ, 30 ਮਾਰਚ (ਪੋਸਟ ਬਿਊਰੋ): ਰਾਮ ਨੌਮੀ ਦੇ ਮੌਕੇ 'ਤੇ ਰਾਜਸਥਾਨ ਦੇ ਕੋਟਾ 'ਚ ਦਰਦਨਾਕ ਹਾਦਸਾ ਵਾਪਰਿਆ। ਜਿੱਥੇ ਵੀਰਵਾਰ ਨੂੰ ਨਿਕਲ ਰਹੇ ਜਲੂਸ ਦੌਰਾਨ ਬਿਜਲੀ ਦਾ ਕਰੰਟ ਲੱਗਣ ਨਾਲ 3 ਲੋਕਾਂ ਦੀ ਮੌਤ ਹੋ ਗਈ ਅਤੇ 4 ਗੰਭੀਰ ਰੂਪ ਨਾਲ ਝੁਲਸ ਗਏ। ਇਹ ਹਾਦਸਾ ਸੁਲਤਾਨਪੁਰ ਕਸਬੇ ਦੇ ਪਿੰਡ ਕੋਟਦੀਪ ਵਿੱਚ ਵਾਪਰਿਆ। ਅਖਾੜੇ ਦੇ ਨੌਜਵਾਨ ਕਰਤੱਬ ਦਿਖਾ ਰਹੇ ਸਨ। ਇਸੇ ਦੌਰਾਨ ਉਪਰੋਂ ਲੰਘਦੀ ਹਾਈ ਟੈਂਸ਼ਨ ਲਾਈਨ 'ਤੇ ਇਕ ਨੌਜਵਾਨ ਦਾ ਚੱਕਰ ਫਸ ਗਿਆ, ਜਿਸ ਕਾਰਨ ਹਰ ਪਾਸੇ ਕਰੰਟ ਫੈਲ ਗਿਆ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ।

ਦੱਸਿਆ ਜਾ ਰਿਹਾ ਹੈ ਕਿ ਜਲੂਸ ਦੌਰਾਨ ਅਖਾੜੇ ਦੇ ਪ੍ਰਦਰਸ਼ਨ ਦੌਰਾਨ 11 ਕੇਵੀ ਹਾਈ ਟੈਂਸ਼ਨ ਲਾਈਨ ਦੀ ਤਾਰਾਂ ਨੂੰ ਛੂਹਣ ਨਾਲ ਇੱਕ ਨੌਜਵਾਨ ਨੂੰ ਕਰੰਟ ਲੱਗ ਗਿਆ। ਜਿਸ ਕਾਰਨ ਤਿੰਨ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਤਿੰਨ ਗੰਭੀਰ ਰੂਪ ਨਾਲ ਝੁਲਸ ਗਏ। ਜਿਨ੍ਹਾਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਕੋਟਾ ਰੈਫਰ ਕਰ ਦਿੱਤਾ ਗਿਆ। ਮੌਕੇ 'ਤੇ ਮੌਜੂਦ ਲੋਕਾਂ ਨੇ



ਲਾਠੀਆਂ ਅਤੇ ਪਾਣੀ ਨਾਲ ਨੌਜਵਾਨ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ। ਪਰ ਕਰੰਟ ਇੰਨਾ ਤੇਜ਼ ਸੀ ਕਿ ਕਈ ਲੋਕ ਮੌਕੇ 'ਤੇ ਹੀ ਬੇਹੋਸ਼ ਹੋ ਗਏ ਅਤੇ ਜਲੂਸ 'ਚ ਹਫੜਾ-ਦਫੜੀ ਮਚ ਗਈ।

ਇਸ ਤੋਂ ਇਲਾਵਾ ਨੌਜਵਾਨਾਂ ਨੂੰ ਸੀਪੀਆਰ ਦੇਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤੁਰੰਤ ਉਨ੍ਹਾਂ ਨੂੰ ਨੇੜਲੇ ਸੁਲਤਾਨਪੁਰ ਹਸਪਤਾਲ ਵਿਖੇ ਲਿਜਾਇਆ ਗਿਆ। ਜਿੱਥੇ ਤਿੰਨ ਨੌਜਵਾਨਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਮਰਨ ਵਾਲੇ ਨੌਜਵਾਨਾਂ ਦੇ ਨਾਮ ਲਲਿਤ, ਭੀਸ਼ੇਕ ਅਤੇ ਮਹਿੰਦਰਾ ਹਨ, ਜਦਕਿ ਤਿੰਨ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹਿਮਾਂਸ਼ੂ, ਰਾਧੇਸ਼ਿਆਮ ਅਤੇ ਅਮਿਤ ਨੂੰ ਕੋਟਾ ਦੇ ਐਮਬੀਐਸ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ ਹੈ। ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

# ਅਮਰੀਕਾ ਦੇ ਦੋ ਬਲੈਕ ਹਾਕ ਹੈਲੀਕਾਪਟਰ ਹੋਏ ਹਾਦਸੇ ਦਾ ਸ਼ਿਕਾਰ, 9 ਸੈਨਿਕਾਂ ਦੀ ਗਈ ਜਾਨ

ਵਾਸ਼ਿੰਗਟਨ, 30 ਮਾਰਚ (ਪੋਸਟ ਬਿਊਰੋ): ਅਮਰੀਕਾ ਦੇ ਦੋ ਅਤਿ-ਆਧੁਨਿਕ ਲੜਾਕੂ ਹੈਲੀਕਾਪਟਰ ਬਲੈਕਹਾਕ ਹੈਲੀਕਾਪਟਰ ਕਰੈਸ਼ ਹੋ ਗਏ ਹਨ। ਇਹ ਹੈਲੀਕਾਪਟਰ ਕੈਂਟਕੀ ਵਿੱਚ ਉਡਾਣ ਭਰ ਰਹੇ ਸਨ। ਇਸ ਟੱਕਰ ਦੌਰਾਨ ਉਨ੍ਹਾਂ 'ਚ ਅੱਗ ਲੱਗ ਗਈ। ਇਸ ਹਾਦਸੇ 'ਚ 9 ਜਵਾਨ ਸ਼ਹੀਦ ਹੋ ਗਏ ਹਨ। ਅਮਰੀਕੀ ਸਥਾਨਕ ਮੀਡੀਆ ਨੇ ਇਹ ਜਾਣਕਾਰੀ ਦਿੱਤੀ।



ਅਮਰੀਕੀ ਫੌਜ ਦੇ ਬੁਲਾਰੇ ਨੇ ਕਿਹਾ ਕਿ ਦੋ ਬਲੈਕ ਹਾਕ ਹੈਲੀਕਾਪਟਰ ਕੈਂਟਕੀ ਉੱਤੇ ਇੱਕ ਰੁਟੀਨ ਸਿਖਲਾਈ ਮਿਸ਼ਨ ਦੌਰਾਨ ਹਾਦਸੇ ਦਾ ਸ਼ਿਕਾਰ ਹੋ ਗਏ। ਇਸ ਹਾਦਸੇ 'ਚ 9 ਜਵਾਨਾਂ ਦੀ ਮੌਤ ਹੋ ਗਈ। ਫੋਰਟ ਕੈਂਪਬੈਲ ਪਬਲਿਕ ਅਫੇਅਰਜ਼ ਦਫਤਰ ਨੇ ਕਿਹਾ ਕਿ ਚਾਲਕ ਦਲ ਦੇ ਮੈਂਬਰ 101ਵੇਂ ਏਅਰਬੋਰਨ ਡਿਵੀਜ਼ਨ ਦੁਆਰਾ ਸੰਚਾਲਿਤ ਦੋ ਐਚਐਚ-60 ਬਲੈਕ ਹਾਕ ਹੈਲੀਕਾਪਟਰ ਉਡਾ ਰਹੇ ਸਨ।

ਹਾਦਸੇ ਵਾਲੀ ਥਾਂ ਤੋਂ ਥੋੜੀ ਦੂਰੀ 'ਤੇ ਰਹਿਣ ਵਾਲੇ ਇਕ ਵਿਅਕਤੀ ਨੇ ਦੱਸਿਆ ਕਿ ਹਾਦਸੇ ਤੋਂ ਪਹਿਲਾਂ ਉਸ ਨੇ ਦੋਵੇਂ ਹੈਲੀਕਾਪਟਰ ਆਪਣੇ ਘਰ ਦੇ ਉੱਪਰ ਉੱਡਦੇ ਦੇਖੇ ਸਨ। ਮੈਂ ਅਤੇ ਮੇਰੀ ਪਤਨੀ ਬੈਠੇ ਸੀ ਅਤੇ ਮੈਂ ਕਿਹਾ ਵਾਹ, ਦੋ ਹੈਲੀਕਾਪਟਰ ਬਹੁਤ ਨੀਵੇਂ ਦਿਖਾਈ ਦੇ ਰਹੇ ਹਨ ਅਤੇ ਦੋਵੇਂ ਇੱਕ ਦੂਜੇ ਦੇ ਨੇੜੇ ਹਨ। ਤੁਹਾਨੂੰ ਦੱਸ ਦੇਈਏ ਕਿ ਬਲੈਕ ਹਾਕ ਦੀ ਰੇਂਜ 1,381 ਮੀਲ ਤੱਕ ਹੈ। ਇੱਕ ਵਾਰ ਇੰਧਣ ਨਾਲ ਲੱਦਿਆ, ਉਹ ਸੈਂਕੜੇ ਕਿਲੋਮੀਟਰ ਤੱਕ ਉੱਡ ਸਕਦੇ ਹਨ। ਉਨ੍ਹਾਂ ਦੀ ਲਿਫਟ ਸਮਰੱਥਾ ਵੀ ਚੰਗੀ ਦੱਸੀ ਜਾਂਦੀ ਹੈ। ਅਮਰੀਕੀ ਫੌਜ ਦਾ ਦਾਅਵਾ ਹੈ ਕਿ ਇਸ ਦੇ ਬਾਹਰੀ ਕਾਰਗੋ ਹੁੱਕ ਨਾਲ, ਬਲੈਕ ਹਾਕ 8,000 ਪੌਂਡ ਤੱਕ ਵਜ਼ਨ ਵਾਲੀਆਂ ਵਸਤੂਆਂ ਨੂੰ ਚੁੱਕ ਸਕਦਾ ਹੈ।

# ਬੰਗਾਲ ਵਿਚ ਰਾਮ ਨੌਮੀ ਮੌਕੇ ਹੋਈ ਹਿੰਸਾ, ਗੱਡੀਆਂ ਸਾੜੀਆਂ ਗਈਆਂ

ਹਾਵੜਾ, 30 ਮਾਰਚ (ਪੋਸਟ ਬਿਊਰੋ): ਭਗਵਾਨ ਰਾਮ ਜਿਨ੍ਹਾਂ ਦੀ ਸ਼ਖਸੀਅਤ ਰਾਸ਼ਟਰ ਨਿਰਮਾਣ, ਸਮਾਜ ਨਿਰਮਾਣ, ਸ਼ਖਸੀਅਤ ਨਿਰਮਾਣ ਦਾ ਆਧਾਰ ਹੈ, ਉਸੇ ਰਾਮ ਦੇ ਜਨਮ ਦਿਨ ਨੂੰ ਲੈ ਕੇ ਰਾਮ ਨੌਮੀ 'ਤੇ ਦੇਸ਼ ਦੇ ਕਈ ਸ਼ਹਿਰਾਂ 'ਚ ਇਕ ਵਾਰ ਫਿਰ ਤਣਾਅ ਬਣਿਆ ਹੋਇਆ ਹੈ। ਗੁਜਰਾਤ ਦੇ ਵਡੋਦਰਾ ਤੋਂ ਵੀਰਵਾਰ ਦੁਪਹਿਰ ਨੂੰ ਦੋ ਵਾਰ ਪਥਰਾਅ ਹੋਣ ਦੀ ਖਬਰ ਹੈ। ਇਸ ਤੋਂ ਬਾਅਦ ਬੰਗਾਲ ਦੇ ਹਾਵੜਾ ਅਤੇ ਫਿਰ ਇਸਲਾਮਪੁਰ 'ਚ ਸ਼ਾਮ ਨੂੰ ਹਿੰਸਾ ਅਤੇ ਅੱਗਜ਼ਨੀ ਹੋਈ। ਇੰਨਾ ਹੀ ਨਹੀਂ ਲਖਨਊ ਦੀ ਇੱਕ ਯੂਨੀਵਰਸਿਟੀ ਵਿੱਚ ਵਿਦਿਆਰਥੀ ਗੁੱਟਾਂ ਵਿੱਚ ਝੜਪ ਵੀ ਹੋਈ। ਇਸ ਦੇ ਨਾਲ ਹੀ ਰਾਮ ਨੌਮੀ ਤੋਂ ਠੀਕ ਪਹਿਲਾਂ ਮਹਾਰਾਸ਼ਟਰ ਦੇ ਦੋ ਜ਼ਿਲ੍ਹਿਆਂ ਸੰਭਾਜੀ ਨਗਰ ਅਤੇ ਜਲਗਾਉਂ ਵਿੱਚ ਤਣਾਅ ਅਤੇ ਹਿੰਸਾ ਹੋਈ ਸੀ।

ਬੰਗਾਲ ਦੀ ਗੱਲ ਕਰੀਏ ਤਾਂ ਇੱਥੇ ਪਹਿਲੀ ਹਿੰਸਾ ਹਾਵੜਾ ਦੇ ਸ਼ਿਬਪੁਰ ਵਿੱਚ ਹੋਈ। ਦੋ ਭਾਈਚਾਰਿਆਂ ਵਿਚਾਲੇ ਝੜਪ



ਤੋਂ ਬਾਅਦ ਇੱਥੇ ਹਿੰਸਾ ਹੋਈ। ਇਸ ਦੌਰਾਨ ਪੱਥਰਬਾਜ਼ੀ ਵੀ ਹੋਈ। ਇਸ ਤੋਂ ਬਾਅਦ ਉਥੇ ਕਈ ਵਾਹਨਾਂ ਅਤੇ ਦੁਕਾਨਾਂ ਨੂੰ ਅੱਗ ਲਗਾ ਦਿੱਤੀ ਗਈ। ਬਾਅਦ 'ਚ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਅੱਥਰੂ ਗੈਸ ਦੀ ਮਦਦ ਨਾਲ ਲੋਕਾਂ ਨੂੰ ਉਥੋਂ ਹਟਾਇਆ। ਉਥੇ ਹੀ ਕੁਝ ਲੋਕਾਂ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਹੈ। ਇਸ ਦੌਰਾਨ ਸ਼ਿਬਪੁਰ ਦਾ ਇੱਕ ਵੀਡੀਉ ਵੀ ਸਾਹਮਣੇ ਆਈ ਹੈ। ਇਸ 'ਚ ਕੁਝ ਲੋਕ ਛੱਤ ਤੋਂ ਪੱਥਰ ਸੁੱਟਦੇ ਨਜ਼ਰ ਆ ਰਹੇ ਹਨ। ਦੂਜੇ ਪਾਸੇ ਜਲੂਸ 'ਚ ਸ਼ਾਮਲ ਲੋਕ ਸੜਕ 'ਤੇ ਹਨ। ਪੱਥਰਬਾਜ਼ੀ ਤੋਂ ਬਾਅਦ ਕਾਫੀ ਹੰਗਾਮਾ ਹੋਇਆ।

ਇਸ ਤੋਂ ਇਲਾਵਾ ਦਾਲਖੋਲਾ (ਉੱਤਰ ਦਿਨਾਜਪੁਰ ਜ਼ਿਲ੍ਹਾ) ਵਿੱਚ ਹਿੰਸਾ ਦਾ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ। ਇਹ ਇਲਾਕਾ ਇਸਲਾਮਪੁਰ ਸ਼ਹਿਰ ਦੇ ਅਧੀਨ ਆਉਂਦਾ ਹੈ, ਜੋ ਮੁਸਲਿਮ ਬਹੁਲ ਹੈ। ਇੱਥੇ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ, ਜਦੋਂ ਕਿ ਪੁਲਿਸ ਸੁਪਰਡੈਂਟ ਸਮੇਤ ਕਈ ਜ਼ਖਮੀ ਹੋਏ ਹਨ। ਦੱਸਿਆ ਗਿਆ ਕਿ ਇੱਥੇ ਰਾਮ ਨੌਮੀ ਦੇ ਜਲੂਸ ਦੌਰਾਨ ਦੋ ਭਾਈਚਾਰਿਆਂ ਵਿਚਾਲੇ ਝੜਪ ਹੋ ਗਈ ਸੀ। ਬਾਅਦ ਵਿੱਚ ਪੁਲੀਸ ਨੇ ਸਥਿਤੀ 'ਤੇ ਕਾਬੂ ਪਾਇਆ ਪਰ ਉਦੋਂ ਤੱਕ ਇੱਕ ਨੌਜਵਾਨ ਦੀ ਮੌਤ ਹੋ ਚੁੱਕੀ ਸੀ। ਇਸ ਦੇ ਨਾਲ ਹੀ 5 ਤੋਂ 6 ਪੁਲਸ ਕਰਮਚਾਰੀ ਜ਼ਖਮੀ ਹੋ ਗਏ। ਬਾਅਦ ਵਿੱਚ ਪੁਲਿਸ ਨੇ ਦੱਸਿਆ ਕਿ ਹਿੰਸਾ ਦੌਰਾਨ ਨੌਜਵਾਨ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋਈ ਹੈ।

## ਆਂਧਰਾ ਪ੍ਰਦੇਸ਼ ਦੇ ਇਕ ਮੰਦਰ 'ਚ ਰਾਮ ਨੌਮੀ ਮੌਕੇ ਲੱਗੀ ਅੱਗ, ਕੋਈ ਜਾਨੀ ਨੁਕਸਾਨ ਨਹੀਂ



ਗੋਦਾਵਰੀ, 30 ਮਾਰਚ (ਪੋਸਟ ਬਿਊਰੋ): ਆਂਧਰਾ ਪ੍ਰਦੇਸ਼ ਦੇ ਪੱਛਮੀ ਗੋਦਾਵਰੀ ਜ਼ਿਲ੍ਹੇ ਦੇ ਤਨੁਕੂ ਮੰਡਲ ਦੇ ਦੁਵਾ ਪਿੰਡ ਵਿੱਚ ਵੇਣੂਗੋਪਾਲਾ ਸਵਾਮੀ ਮੰਦਰ ਵਿੱਚ ਰਾਮ ਨੌਮੀ ਦੇ ਜਸ਼ਨ ਦੌਰਾਨ ਅੱਗ ਲੱਗ ਗਈ। ਦੱਸਿਆ ਜਾ ਰਿਹਾ ਹੈ ਕਿ ਮੰਦਰ 'ਚ ਰਾਮਨਵਮੀ ਦੇ ਤਿਉਹਾਰ ਲਈ ਲਗਾਏ ਗਏ ਪੰਡਾਲ 'ਚ ਸ਼ਾਰਟ ਸਰਕਟ ਹੋਣ ਕਾਰਨ ਅੱਗ ਲੱਗ ਗਈ। ਅੱਗ ਲੱਗਦੇ ਹੀ ਸ਼ਰਧਾਲੂਆਂ ਨੂੰ ਪੰਡਾਲ ਵਿੱਚੋਂ ਬਾਹਰ ਕੱਢ ਲਿਆ ਗਿਆ। ਫਿਲਹਾਲ ਇਸ ਹਾਦਸੇ 'ਚ ਕਿਸੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਹੈ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ, ਜਿਨ੍ਹਾਂ ਨੇ ਅੱਗ 'ਤੇ ਕਾਬੂ ਪਾਇਆ। ਮੰਦਰ ਦੇ ਆਲੇ-ਦੁਆਲੇ ਦੀਆਂ ਸੜਕਾਂ ਨੂੰ ਸਾਵਧਾਨੀ ਦੇ ਤੌਰ 'ਤੇ ਬੰਦ ਕਰ ਦਿੱਤਾ ਗਿਆ ਹੈ।

ਐਸਪੀ ਰਵੀ ਪ੍ਰਕਾਸ਼ ਨੇ ਦੱਸਿਆ ਕਿ ਪੱਛਮੀ ਗੋਦਾਵਰੀ ਦੇ ਵੇਣੂਗੋਪਾਲਾ ਸਵਾਮੀ ਮੰਦਰ ਵਿੱਚ ਸਵੇਰੇ ਕਰੀਬ 11:45 ਵਜੇ ਅੱਗ ਲੱਗ ਗਈ। ਅੱਗ ਲੱਗਦੇ ਹੀ ਲੋਕ ਤੁਰੰਤ ਮੰਦਰ ਦੇ ਬਾਹਰ ਕੱਢੇ ਗਏ, ਜਿਸ ਕਾਰਨ ਵੱਡਾ ਹਾਦਸਾ ਟਲ ਗਿਆ। ਇਸ ਦੇ ਨਾਲ ਹੀ ਮੰਦਰ ਦੇ ਚੌਗਿਰਦੇ 'ਚ ਪੰਡਾਲ ਵੀ ਲਗਾਇਆ ਗਿਆ ਸੀ, ਜਿਸ ਕਾਰਨ ਮੰਦਰ ਦੀ ਜਾਇਦਾਦ ਨੂੰ ਕੋਈ ਖਾਸ ਨੁਕਸਾਨ ਨਹੀਂ ਪਹੁੰਚਿਆ।

## ਬਾਰ੍ਹਾਂ ਸਾਲਾ ਬੱਚੇ ਦੀ ਹੱਤਿਆ ਦਾ ਮਾਮਲਾ: ਸੁਪਰੀਮ ਕੋਰਟ ਨੇ ਸੀਬੀਆਈ ਅਤੇ ਦਿੱਲੀ ਸਰਕਾਰ ਨੂੰ ਜਾਰੀ ਕੀਤਾ ਨੋਟਿਸ

ਨਵੀਂ ਦਿੱਲੀ, 30 ਮਾਰਚ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ 2014 ਵਿੱਚ ਇੱਕ ਲੜਕੇ ਨੂੰ ਅਗਵਾ ਕਰਨ ਅਤੇ ਕਤਲ ਦੀ ਸੀਬੀਆਈ ਜਾਂਚ ਦੀ ਮੰਗ ਕਰਨ ਵਾਲੀ ਪਟੀਸ਼ਨ ਉੱਤੇ ਦਿੱਲੀ ਸਰਕਾਰ ਤੋਂ ਜਵਾਬ ਮੰਗਿਆ ਹੈ। ਜਸਟਿਸ ਵੀਆਰ ਸੁਬਰਾਮਨੀਅਮ ਅਤੇ ਜਸਟਿਸ ਪੰਕਜ ਮਿਥਲ ਦੀ ਬੈਂਚ ਨੇ ਨਾਬਾਲਿਗ ਦੇ ਪਿਤਾ ਸਤੀਸ਼ ਕੁਮਾਰ ਦੀ ਪਟੀਸ਼ਨ 'ਤੇ ਕੇਂਦਰੀ ਜਾਂਚ ਬਿਊਰੋ, ਦਿੱਲੀ ਸਰਕਾਰ ਅਤੇ ਕ੍ਰਾਈਮ ਬ੍ਰਾਂਚ ਦੇ ਡੀਸੀਪੀ ਨੂੰ ਨੋਟਿਸ ਜਾਰੀ ਕਰਕੇ ਚਾਰ ਹਫ਼ਤਿਆਂ ਦੇ ਅੰਦਰ ਜਵਾਬ ਮੰਗਿਆ ਹੈ।

ਦਿੱਲੀ ਹਾਈ ਕੋਰਟ ਦੇ 7 ਦਸੰਬਰ, 2022 ਦੇ ਹੁਕਮ ਵਿਚ ਕੇਸ ਸੀਬੀਆਈ ਨੂੰ ਤਬਦੀਲ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਇਸ ਤੋਂ ਬਾਅਦ ਸਤੀਸ਼ ਕੁਮਾਰ ਨੇ ਦਿੱਲੀ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ। ਸਤੀਸ਼ ਕੁਮਾਰ ਦੀ ਤਰਫੋਂ ਐਡਵੋਕੇਟ ਅਸ਼ਵਨੀ ਕੁਮਾਰ ਦੂਬੇ ਸੁਪਰੀਮ ਕੋਰਟ ਵਿੱਚ ਪੇਸ਼ ਹੋਏ। ਉਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਜਾਂਚ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨਹੀਂ ਹੋਈ ਅਤੇ ਹਾਈ ਕੋਰਟ ਨੇ ਜਾਂਚ ਸੀਬੀਆਈ ਨੂੰ ਨਾ ਸੌਂਪਣ ਵਿੱਚ ਗਲਤੀ ਕੀਤੀ।



ਸ਼ਿਕਾਇਤਕਰਤਾ ਅਨੁਸਾਰ 11 ਸਤੰਬਰ 2014 ਨੂੰ ਸਵੇਰੇ 10:30 ਵਜੇ ਸਤੀਸ਼ ਦੀ ਪਤਨੀ ਨੇ ਉਸ ਨੂੰ ਦੱਸਿਆ ਕਿ ਉਨ੍ਹਾਂ ਦਾ ਬੱਚਾ ਹੇਮੰਤ (12 ਸਾਲ) ਲਾਪਤਾ ਹੈ, ਜਿਸ ਤੋਂ ਬਾਅਦ 12 ਸਤੰਬਰ ਨੂੰ ਇੱਥੇ ਬਵਾਨਾ ਥਾਣੇ ਵਿੱਚ ਭਾਰਤੀ ਦੰਡਾਵਲੀ (ਆਈਪੀਸੀ) ਤਹਿਤ ਐਫਆਈਆਰ ਦਰਜ ਕਰਵਾਈ ਗਈ ਸੀ। ਧਾਰਾ 363 (ਅਗਵਾ) ਤਹਿਤ ਐਫਆਈਆਰ ਦਰਜ ਕੀਤੀ ਗਈ ਸੀ। ਬਾਅਦ ਵਿੱਚ ਬੱਚੇ ਦੀ ਲਾਸ਼ ਹਰਿਆਣਾ ਦੇ ਪਿੰਡ ਹਲਾਲਪੁਰ ਤੋਂ ਬਰਾਮਦ ਹੋਈ। ਫਿਰ ਐਫਆਈਆਰ ਵਿੱਚ ਆਈਪੀਸੀ ਦੀਆਂ ਧਾਰਾਵਾਂ 302 (ਕਤਲ) ਅਤੇ 201 (ਸਬੂਤ ਗਾਇਬ ਹੋਣ) ਦੇ ਤਹਿਤ ਕੇਸ ਜੋੜੇ ਗਏ ਸਨ। ਜਾਂਚ ਸਹੀ ਢੰਗ ਨਾਲ ਨਾ ਹੋਣ ਉਤੇ ਸਤੀਸ਼ ਕੁਮਾਰ ਨੇ ਦਿੱਲੀ ਹਾਈਕੋਰਟ ਦਾ ਦਰਵਾਜ਼ਾ ਖੜਕਾ ਕੇ ਜਾਂਚ ਸੀਬੀਆਈ ਨੂੰ ਸੌਂਪਣ ਦੀ ਮੰਗ ਕੀਤੀ ਸੀ।

# ਕੋਵਿਡ ਪਾਜੇਟਿਵ ਬ੍ਰਿਟਿਸ਼ ਸੰਸਦ ਮੈਂਬਰ ਨੇ ਟ੍ਰੇਨ ਵਿਚ ਕੀਤਾ ਸਫਰ, ਹੋਈ 30 ਦਿਨਾਂ ਲਈ ਮੁਅੱਤਲ

ਲੰਡਨ, 30 ਮਾਰਚ (ਪੋਸਟ ਬਿਊਰੋ): ਇੱਕ ਸਕਾਟਿਸ਼ ਨੇਤਾ ਜਿਸ ਨੇ ਕੋਰੋਨਾ ਮਹਾਮਾਰੀ ਦੇ ਸ਼ੁਰੂਆਤੀ ਦੌਰ ਵਿੱਚ ਕੋਵਿਡ-19 ਪਾਜ਼ੀਟਿਵ ਹੋਣ ਦੇ ਬਾਵਜੂਦ ਲੰਡਨ ਤੋਂ ਗਲਾਸਗੋ ਤੱਕ ਰੇਲਗੱਡੀ ਰਾਹੀਂ ਯਾਤਰਾ ਕੀਤੀ। ਸੰਸਦ ਮੈਂਬਰ ਨੂੰ ਹੁਣ ਹਾਊਸ ਆਫ ਕਾਮਨਜ਼ ਤੋਂ 30 ਦਿਨਾਂ ਦੀ ਸਸਪੈਂਸ਼ਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੀਡੀਆ ਆਉਟਲੈਟਸ ਨੇ ਕਿਹਾ ਹੈ ਕਿ ਬ੍ਰਿਟੇਨ ਦੀ ਸੰਸਦ ਦੀ ਸਟੈਂਡਰਡ ਕਮੇਟੀ ਨੇ ਕਿਹਾ ਕਿ ਮਾਰਗਰੇਟ ਫੇਰੀਅਰ ਨੇ ਸੰਸਦ ਦੀ ਸਾਖ ਨੂੰ ਨੁਕਸਾਨ ਪਹੁੰਚਾਇਆ ਹੈ ਅਤੇ ਰੇਲ ਰਾਹੀਂ ਯਾਤਰਾ ਕਰਕੇ ਜਨਤਾ ਨੂੰ ਖਤਰੇ ਵਿੱਚ ਪਾਇਆ ਹੈ। ਜੇਕਰ ਹਾਊਸ ਆਫ ਕਾਮਨਜ਼ 'ਚ ਵੋਟਿੰਗ ਰਾਹੀਂ ਉਸ ਨੂੰ ਸਜ਼ਾ ਦੇਣ 'ਤੇ ਸਹਿਮਤੀ ਬਣ ਜਾਂਦੀ ਹੈ ਤਾਂ ਉਸ ਦੀ ਸੀਟ 'ਤੇ ਉਪ ਚੋਣ ਹੋ ਸਕਦੀ ਹੈ। ਮਾਰਗਰੇਟ ਨੇ 2017 ਦੀਆਂ ਚੋਣਾਂ ਜਿੱਤੀਆਂ ਸਨ।

ਸਕਾਟਿਸ਼ ਨੈਸ਼ਨਲ ਪਾਰਟੀ ਦੇ ਫੇਰੀਅਰ ਨੇ 5,230 ਵੋਟਾਂ ਦੇ ਫਰਕ ਨਾਲ ਚੋਣ ਜਿੱਤੀ। ਉਨ੍ਹਾਂ ਦੀ ਵਿਰੋਧੀ ਲੇਬਰ ਪਾਰਟੀ ਦੇ ਉਮੀਦਵਾਰ ਦੂਜੇ



ਨੰਬਰ 'ਤੇ ਰਹੇ। ਉਸਨੇ ਕੋਵਿਡ ਨਿਯਮਾਂ ਨੂੰ ਤੋੜਨ ਦਾ ਦੋਸ਼ ਸਵੀਕਾਰ ਕਰ ਲਿਆ ਅਤੇ ਆਪਣੀ ਪਾਰਟੀ ਦਾ ਵ੍ਹਿਪ ਗੁਆ ਦਿੱਤਾ। ਉਨ੍ਹਾਂ ਨੂੰ 270 ਘੰਟੇ ਦੀ ਕਮਿਊਨਿਟੀ ਸਰਵਿਸ ਦੀ ਸਜ਼ਾ ਵੀ ਸੁਣਾਈ ਗਈ ਸੀ।

ਮਾਰਗਰੇਟ ਫੇਰੀਅਰ ਨੇ ਸਤੰਬਰ 2020 ਵਿੱਚ ਕੋਵਿਡ ਟੈਸਟ ਕਰਵਾਉਣ ਅਤੇ ਟ੍ਰੇਨ ਵਿੱਚ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਸੰਸਦ ਵਿੱਚ ਗੱਲ ਕੀਤੀ ਸੀ। ਸੰਸਦ ਮੈਂਬਰ ਨੂੰ ਇਹ ਦੱਸਣ ਦੇ ਬਾਵਜੂਦ ਕਿ ਉਸ ਦਾ ਕੋਰੋਨਾ ਟੈਸਟ ਪਾਜੇਟਿਵ ਆਇਆ ਹੈ, ਉਨ੍ਹਾਂ ਆਪਣੀ ਯਾਤਰਾ ਜਾਰੀ ਰੱਖੀ।

ਮੁਅੱਤਲੀ ਦੀ ਪ੍ਰਕਿਰਿਆ ਬਾਰੇ ਮੀਡੀਆ ਆਊਟਲੈਟ ਨੇ ਕਿਹਾ ਕਿ ਹਾਊਸ ਆਫ ਕਾਮਨਜ਼ ਤੋਂ ਘੱਟੋ-ਘੱਟ 10 ਦਿਨਾਂ ਲਈ ਮੁਅੱਤਲ ਕੀਤੇ ਗਏ ਕਿਸੇ ਵੀ ਸੰਸਦ ਮੈਂਬਰ ਨੂੰ ਵਾਪਸ ਬੁਲਾਇਆ ਜਾ ਸਕਦਾ ਹੈ। ਇੱਕ ਉਪ-ਚੋਣ ਕਰਵਾਈ ਜਾਂਦੀ ਹੈ ਜੇਕਰ ਉਹਨਾਂ ਦੇ ਹਲਕੇ ਵਿੱਚ ਰਜਿਸਟਰਡ ਵੋਟਰਾਂ ਵਿੱਚੋਂ ਘੱਟੋ-ਘੱਟ 10 ਪ੍ਰਤੀਸ਼ਤ ਇੱਕ ਪਟੀਸ਼ਨ 'ਤੇ ਦਸਤਖਤ ਕਰਦੇ ਹਨ। ਇਸ ਮਾਮਲੇ ਦੀ ਜਾਂਚ ਸਟੈਂਡਰਡਜ਼ ਲਈ ਸੰਸਦੀ ਕਮਿਸ਼ਨਰ ਡੇਨੀਅਲ ਗ੍ਰੀਨਬਰਗ ਨੇ ਕੀਤੀ। ਉਨ੍ਹਾਂ ਨੇ ਸਿੱਟਾ ਕੱਢਿਆ ਕਿ ਫੇਰੀਅਰ ਨੇ ਆਪਣੇ ਆਪ ਨੂੰ ਅਲੱਗ-ਥਲੱਗ ਨਾ ਕਰਕੇ ਜਨਤਕ ਹਿੱਤਾਂ ਤੋਂ ਪਹਿਲਾਂ ਆਪਣੇ ਨਿੱਜੀ ਹਿੱਤਾਂ ਨੂੰ ਰੱਖਿਆ ਸੀ।


ੴ

ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਦੇ ਸੰਬੰਧ ਵਿਚ 7 ਅਪ੍ਰੈਲ ਤੋਂ 9 ਅਪ੍ਰੈਲ ਤੱਕ ਹੋਣਗੇ ਸਮਾਗਮ



ਸੰਤ ਸਮਾਗਮ

ਪਿੰਡ ਚੀਮਨਾ ਦੇ ਸਮੂੰਹ ਨਗਰ ਅਤੇ ਇਲਾਕਾ ਨਿਵਾਸੀਆਂ ਵਲੋਂ ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 7 ਅਪ੍ਰੈਲ ਤੋਂ 9 ਅਪ੍ਰੈਲ 2023 ਨੂੰ ਸ੍ਰੀ ਗੁਰ ਨਾਨਕ ਸਿੱਖ ਸੈਂਟਰ, 99 ਗਲੀਡਨ ਰੋਡ, ਬਰੈਂਪਟਨ ਵਿਖੇ ਮਨਾਈ ਜਾ ਰਹੀ ਹੈ। ਸਮੂਹ ਸੰਗਤ ਅਤੇ ਇਲਾਕਾ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਵਿਚ ਹਾਜ਼ਿਰ ਹੋ ਕੇ ਲਾਹਾ ਲੈਣ ਅਤੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰੋਗਰਾਮ ਦਾ ਵੇਰਵਾ
ਆਰੰਭ ਸ੍ਰੀ ਆਖੰਡ ਪਾਠ ਸਾਹਿਬ
ਮਿਤੀ 7 ਅਪਰੈਲ 2023 ਦਿਨ ਸੁਕਰਵਾਰ ਸਵੇਰੇ 9 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ
ਮਿਤੀ 9 ਅਪ੍ਰੈਲ 2023 ਦਿਨ ਐਤਵਾਰ ਸਵੇਰੇ 10 ਵਜੇ
ਉਪਰੰਤ ਕੀਰਤਨ, ਕਥਾ ਅਤੇ ਢਾਡੀ ਦਰਵਾਰ ਹੋਵੇਗਾ
ਗੁਰੂ ਕਾ ਲੰਗਰ ਅਤੁਟ ਵਰਤੇਗਾ ਜੀ


# ਇੰਦੌਰ ਵਿਚ ਮੰਦਰ 'ਚ ਪੌੜੀਆਂ ਦੀ ਛੱਤ ਡਿੱਗਣ ਕਾਰਨ 14 ਮੌਤਾਂ

ਇੰਦੌਰ, 30 ਮਾਰਚ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਇੰਦੌਰ 'ਚ ਬੇਲੇਸ਼ਵਰ ਮਹਾਦੇਵ ਝੁਲੇਲਾਲ ਮੰਦਰ 'ਚ ਰਾਮ ਨੌਮੀ 'ਤੇ ਵੱਡਾ ਹਾਦਸਾ ਵਾਪਰ ਗਿਆ। ਇੱਥੇ ਪੌੜੀਆਂ ਦੀ ਛੱਤ ਡਿੱਗਣ ਕਾਰਨ 30 ਤੋਂ ਵੱਧ ਲੋਕ 40 ਫੁੱਟ ਡੂੰਘੇ ਖੂਹ ਵਿੱਚ ਡਿੱਗ ਗਏ। ਇਨ੍ਹਾਂ 'ਚੋਂ 14 ਲੋਕਾਂ ਦੀ ਮੌਤ ਹੋ ਚੁੱਕੀ ਹੈ। ਬਚਾਅ ਦਲ ਨੇ 20 ਲੋਕਾਂ ਨੂੰ ਬਚਾਇਆ ਹੈ। ਹੁਣ ਬਚਾਅ ਕਾਰਜ ਖਤਮ ਹੋ ਗਿਆ ਹੈ। ਪੌੜੀਆਂ ਵਿੱਚ ਚਾਰ ਤੋਂ ਪੰਜ ਫੁੱਟ ਪਾਣੀ ਹੈ। ਜਿਸ ਕਾਰਨ ਬਚਾਅ ਕਾਰਜ ਵਿੱਚ ਦਿੱਕਤ ਆਈ।

ਇੰਦੌਰ ਦੇ ਕਲੈਕਟਰ ਇਲਿਆ ਰਾਜਾ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਆਂਇਕ ਜਾਂਚ ਹੋਵੇਗੀ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇੰਦੌਰ ਦੇ ਕਲੈਕਟਰ ਨਾਲ ਗੱਲ ਕੀਤੀ। ਮੁੱਖ ਮੰਤਰੀ ਨੇ ਮ੍ਰਿਤਕਾਂ ਦੇ ਰਿਸ਼ਤੇਦਾਰਾਂ ਅਤੇ ਜ਼ਖਮੀਆਂ ਲਈ ਆਰਥਿਕ ਮਦਦ ਦਾ ਐਲਾਨ ਕੀਤਾ ਹੈ। ਹਾਦਸੇ ਵਿੱਚ ਮਰਨ ਵਾਲਿਆਂ ਦੇ ਪਰਿਵਾਰਾਂ ਨੂੰ 4-4 ਲੱਖ ਰੁਪਏ ਦਿੱਤੇ ਜਾਣਗੇ।



ਇਸ ਦੇ ਨਾਲ ਹੀ 20 ਜ਼ਖਮੀਆਂ ਨੂੰ 50,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ।

ਚਸ਼ਮਦੀਦਾਂ ਮੁਤਾਬਕ ਇਹ ਹਾਦਸਾ ਸਪਨਾ ਸੰਗੀਤਾ ਰੋਡ 'ਤੇ ਸਥਿਤ ਸਨੇਹ ਨਗਰ 'ਚ ਹਵਨ ਦੌਰਾਨ ਵਾਪਰਿਆ। ਕੰਨਿਆ ਪੂਜਨ ਦਾ ਪ੍ਰੋਗਰਾਮ ਸੀ, ਇਸ ਲਈ ਮੰਦਰ 'ਚ ਕਾਫੀ ਭੀੜ ਸੀ। ਪੌੜੀ ਦੀ ਛੱਤ 'ਤੇ 30 ਤੋਂ ਵੱਧ ਲੋਕ ਬੈਠੇ ਸਨ। ਜਿਸ ਕਾਰਨ ਇਸ ਦੀ ਛੱਤ ਜ਼ਿਆਦਾ ਭਾਰ ਹੋਣ ਕਾਰਨ ਟੁੱਟ ਗਈ। ਲੋਕ 40 ਫੁੱਟ ਹੇਠਾਂ ਡਿੱਗ ਗਏ। ਇਹ ਮੰਦਰ ਕਰੀਬ 60 ਸਾਲ ਪੁਰਾਣਾ ਹੈ। ਮੰਦਰ ਪਰਿਸਰ ਵਿੱਚ ਨਿਰਮਾਣ ਅਤੇ ਖੁਦਾਈ ਦਾ ਕੰਮ ਚੱਲ ਰਿਹਾ ਹੈ। ਮੰਦਰ ਦੀ ਚਾਰਦੀਵਾਰੀ 'ਚ ਚੱਲ ਰਹੇ ਨਿਰਮਾਣ ਕਾਰਜ ਕਾਰਨ ਖੂਹ ਦੀ ਕੰਧ ਡਿੱਗਣ ਕਾਰਨ ਫਰਸ਼ ਡਿੱਗਣ ਦਾ ਖਦਸ਼ਾ ਹੈ। ਇਸ ਤੋਂ ਇਲਾਵਾ ਕੁਝ ਲੋਕਾਂ ਨੇ ਇਹ ਵੀ ਕਿਹਾ ਕਿ ਚੂਹਿਆਂ ਕਾਰਨ ਖੂਹ ਖੋਖਲਾ ਹੋ ਗਿਆ ਹੈ। ਹਾਲਾਂਕਿ ਅਜੇ ਤੱਕ ਕਿਸੇ ਅਧਿਕਾਰੀ ਨੇ ਹਾਦਸੇ ਦੇ ਕਾਰਨਾਂ ਬਾਰੇ ਕੋਈ ਬਿਆਨ ਨਹੀਂ ਦਿੱਤਾ ਹੈ।


REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

Call Rick or Manminder Cheema: 416.749.9596 /416.951.6431

30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।


FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA
MCNE, Real Estate Broker
416-371-7777
NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਉਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist


New Patients welcome
Deal Directly with all Insurance Companies

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111









# Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017